# ਕੁਰਿੰਥੀਆਂ ਨੂੰ ਦੂਜੀ ਪੱਤ੍ਰੀ

**1** 1ਇਹ ਚਿੱਠੀ ਮਸੀਹ ਯਿਸੂ ਦੇ ਰਸੂਲ ਪੌਲੁਸ ਵੱਲੋਂ ਅਤੇ ਸਾਡੇ
ਭਰਾ ਤਿਮੋਥਿਉਸ ਵੱਲੋਂ ਹੈ। ਮੈਂ ਪਰਮੇਸ਼ੁਰ ਦੀ ਰਜ਼ਾ ਅਨੁਸਾਰ
ਰਸੂਲ ਬਣਿਆ ਹਾਂ।
ਮੈਂ ਇਹ ਚਿੱਠੀ ਕੁਰਿੰਥੁਸ ਵਿੱਚ ਪਰਮੇਸ਼ੁਰ ਦੀ ਕਲੀਸਿਯਾ ਨੂੰ ਅਤੇ
ਅਖਾਯਾ ਦੇ ਸਾਰੇ ਦੇਸ ਵਿੱਚ ਵੱਸਦੇ ਪਰਮੇਸ਼ੁਰ ਦੇ ਸਮੂਹ ਲੋਕਾਂ ਨੂੰ
ਲਿਖ ਰਿਹਾ ਹਾਂ।
2ਸਾਡੇ ਪਰਮੇਸ਼ੁਰ ਪਿਤਾ ਅਤੇ ਪ੍ਰਭੂ ਯਿਸੂ ਮਸੀਹ ਵੱਲੋਂ ਤੁਹਾਨੂੰ
ਕਿਰਪਾ ਅਤੇ ਸ਼ਾਂਤੀ ਮਿਲੇ।

## ਪੌਲੁਸ ਪਰਮੇਸ਼ੁਰ ਦਾ ਧੰਨਵਾਦ ਕਰਦਾ ਹੈ

3ਪਰਮੇਸ਼ੁਰ ਅਤੇ ਸਾਡੇ ਯਿਸੂ ਮਸੀਹ ਦੇ ਪਿਤਾ ਦੀ ਉਸਤਤ ਹੋਵੇ।
ਪਰਮੇਸ਼ੁਰ ਸਾਡਾ ਪਿਤਾ, ਦਇਆ ਨਾਲ ਭਰਪੂਰ ਹੈ। ਉਹੀ ਪਰਮੇਸ਼ੁਰ
ਹੈ ਜਿਹੜਾ ਹਰ ਤਰ੍ਹਾਂ ਨਾਲ ਦਿਲਾਸਾ ਦਿੰਦਾ ਹੈ। 4ਜਦੋਂ ਵੀ ਸਾਨੂੰ
ਕੋਈ ਮੁਸ਼ਕਲ ਹੁੰਦੀ ਹੈ ਉਹ ਸਾਨੂੰ ਦਿਲਾਸਾ ਦਿੰਦਾ ਹੈ, ਤਾਂ ਜੋ ਅਸੀਂ
ਵੀ ਹੋਰਨਾਂ ਲੋਕਾਂ ਨੂੰ ਉਦੋਂ ਦਿਲਾਸਾ ਦੇਣ ਯੋਗ ਹੋ ਸਕੀਏ ਜਦੋਂ ਉਹ
ਤਕਲੀਫ਼ ਵਿੱਚ ਹੋਣ। ਜਿਹੜਾ ਦਿਲਾਸਾ ਸਾਨੂੰ ਪਰਮੇਸ਼ੁਰ ਦਿੰਦਾ ਹੈ
ਉਸੇ ਤਰ੍ਹਾਂ ਦਾ ਦਿਲਾਸਾ ਅਸੀਂ ਉਨ੍ਹਾਂ ਨੂੰ ਦਿੰਦੇ ਹਾਂ। 5ਅਸੀਂ ਮਸੀਹ
ਦੇ ਬਹੁਤ ਕਸ਼ਟਾਂ ਵਿੱਚ ਭਾਗੀਦਾਰ ਬਣੇ। ਇਸੇ ਤਰ੍ਹਾਂ, ਅਸੀਂ ਵੀ
ਮਸੀਹ ਰਾਹੀਂ ਵਧੇਰੇ ਸੁੱਖ ਪ੍ਰਾਪਤ ਕਰਦੇ ਹਾਂ। 6ਜੇ ਸਾਨੂੰ ਦੁੱਖ
ਤਕਲੀਫ਼ਾਂ ਮਿਲਦੀਆਂ ਹਨ ਤਾਂ ਇਹ ਸਾਡੇ ਸੁੱਖ ਅਤੇ ਮੁਕਤੀ
ਲਈ ਹਨ। ਜੇ ਸਾਨੂੰ ਤੁਹਾਡੇ ਕੋਲੋਂ ਦਿਲਾਸਾ ਹੈ ਤਾਂ ਇਹ ਤੁਹਾਡੇ
ਦਿਲਾਸੇ ਲਈ ਹੈ। ਇਹ ਸਾਨੂੰ ਸਾਡੇ ਕਸ਼ਟਾਂ ਵਿੱਚ ਵੀ ਸਹਿਨਸ਼ੀਲ
ਬਣਾਉਂਦਾ ਹੈ। 7ਤੁਹਾਡੇ ਲਈ ਸਾਡੇ ਕੋਲ ਬਹੁਤ ਮਜ਼ਬੂਤ ਆਸ਼ਾਵਾਂ
ਹਨ। ਅਸੀਂ ਜਾਣਦੇ ਹਾਂ ਕਿ ਤੁਸੀਂ ਸਾਡੇ ਕਸ਼ਟਾਂ ਵਿੱਚ ਸ਼ਰੀਕ ਹੋ।
ਅਸੀਂ ਇਹ ਵੀ ਜਾਣਦੇ ਹਾਂ ਕਿ ਤੁਸੀਂ ਸਾਡੇ ਦਿਲਾਸਿਆਂ ਵਿੱਚ ਵੀ
ਸ਼ਰੀਕ ਹੋ।
8ਭਰਾਵੋ ਅਤੇ ਭੈਣੋ, ਅਸੀਂ ਚਾਹੁੰਦੇ ਹਾਂ ਕਿ ਅਸਿਯਾ ਦੇ ਪ੍ਰਦੇਸ਼
ਵਿੱਚ ਜਿਹੜੀ ਪਰੇਸ਼ਾਨੀ ਅਸੀਂ ਝੱਲੀ ਹੈ, ਉਸ ਬਾਰੇ ਤੁਸੀਂ ਜਾਣੋ।
ਅਸੀਂ ਉੱਥੇ ਬਹੁਤ ਦੁੱਖ ਝੱਲੇ। ਜਿੰਨਾ ਅਸੀਂ ਝੱਲ ਸਕੀਏ ਇਹ ਉਸ
ਤੋਂ ਵਧੇਰੇ ਸੀ। ਅਸੀਂ ਉਮੀਦ ਵੀ ਛੱਡ ਦਿੱਤੀ ਸੀ ਕਿ ਅਸੀਂ ਜੀਵਾਂਗੇ।
9ਅਸੀਂ ਸੱਚਮੁੱਚ ਸਾਡੇ ਦਿਲਾਂ ਵਿੱਚ ਸੋਚ ਲਿਆ ਸੀ ਕਿ ਸਾਨੂੰ ਮਰਨ
ਦੀ ਸਜ਼ਾ ਦਿੱਤੀ ਗਈ ਸੀ। ਪਰ ਅਜਿਹਾ ਇਸ ਲਈ ਵਾਪਰਿਆ ਤਾਂ
ਜੋ ਅਸੀਂ ਆਪਣੇ-ਆਪ ਵਿੱਚ ਯਕੀਨ ਨਾ ਕਰੀਏ। ਅਜਿਹਾ ਇਸ
ਲਈ ਵਾਪਰਿਆ ਤਾਂ ਜੋ ਅਸੀਂ ਪਰਮੇਸ਼ੁਰ ਵਿੱਚ ਯਕੀਨ ਰੱਖ ਸਕੀਏ
ਜਿਹੜਾ ਲੋਕਾਂ ਨੂੰ ਮੁਰਦਿਆਂ ਵਿੱਚੋਂ ਜਿਵਾਲਦਾ ਹੈ। 10ਪਰਮੇਸ਼ੁਰ ਨੇ
ਸਾਨੂੰ ਮੌਤ ਦੇ ਇਸ ਭਿਆਨਕ ਖਤਰੇ ਤੋਂ ਬਚਾਇਆ ਅਤੇ ਉਹ
ਸਾਨੂੰ ਫ਼ੇਰ ਵੀ ਬਚਾਵੇਗਾ। 11ਤੁਸੀਂ ਆਪਣੀਆਂ ਪ੍ਰਾਰਥਨਾ ਰਾਹੀਂ
ਸਾਡੀ ਸਹਾਇਤਾ ਕਰ ਸਕਦੇ ਹੋ। ਫ਼ੇਰ ਅਨੇਕਾਂ ਲੋਕ ਸਾਡੇ ਲਈ
ਧੰਨਵਾਦ ਦੇਣਗੇ ਕਿ ਪਰਮੇਸ਼ੁਰ ਨੇ ਉਨ੍ਹਾਂ ਦੀਆਂ ਪ੍ਰਾਰਥਨਾ ਰਾਹੀਂ
ਸਾਨੂੰ ਅਸੀਸ ਦਿੱਤੀ।

## ਪੌਲੁਸ ਦੀਆਂ ਯੋਜਨਾਵਾਂ ਵਿੱਚ ਤਬਦੀਲੀ

12ਅਸੀਂ ਇਹ ਆਖਣ ਵਿੱਚ ਮਾਣ ਕਰਦੇ ਹਾਂ ਅਤੇ ਮੈਂ ਇਹ ਆਪਣੇ
ਦਿਲੋਂ ਆਖ ਸਕਦਾ ਹਾਂ ਕਿ ਇਹ ਸੱਚ ਹੈ। ਉਹ ਹਰ ਕਰਨੀ ਜੋ ਅਸੀਂ
ਇਸ ਦੁਨੀਆ ਵਿੱਚ ਕੀਤੀ, ਅਸੀਂ ਇਮਾਨਦਾਰੀ ਨਾਲ ਅਤੇ ਸਾਫ਼
ਦਿਲ ਨਾਲ ਕੀਤੀ ਜੋ ਪਰਮੇਸ਼ੁਰ ਵੱਲੋਂ ਆਈ। ਉਨ੍ਹਾਂ ਕੰਮਾਂ ਬਾਰੇ ਵੀ
ਜਿਹੜੀ ਅਸੀਂ ਤੁਹਾਡੇ ਵਿਚਕਾਰ ਕੀਤੇ,
ਇਹ ਹੋਰ ਵੀ ਵਧੇਰੇ ਸੱਚ ਹੈ। ਅਸੀਂ ਇਹ ਸਿਰਫ਼ ਪਰਮੇਸ਼ੁਰ ਦੀ
ਕਿਰਪਾ ਨਾਲ ਕੀਤਾ ਹੈ, ਨਾ ਕਿ ਇਸ ਦੁਨੀਆ ਦੀ ਸਿਆਣਪ ਨਾਲ।
13ਅਸੀਂ ਸਿਰਫ਼ ਉਹੀ ਗੱਲਾਂ ਲਿਖਦੇ ਹਾਂ ਜਿਨ੍ਹਾਂ ਨੂੰ ਤੁਸੀਂ ਪੜ੍ਹਨ ਅਤੇ
ਸਮਝਣ ਯੋਗ ਹੋ। ਅਤੇ ਮੈਨੂੰ ਉਮੀਦ ਹੈ ਕਿ ਤੁਸੀਂ ਪੂਰੀ ਤਰ੍ਹਾਂ ਸਮਝ
ਜਾਵੋਗੇ। 14ਤੁਸੀਂ ਸਾਡੇ ਬਾਰੇ ਪਹਿਲਾਂ ਹੀ ਕੁਝ ਗੱਲਾਂ ਸਮਝ ਚੁੱਕੇ
ਹੋ। ਮੈਨੂੰ ਉਮੀਦ ਹੈ ਕਿ ਤੁਸੀਂ ਸਮਝਣ ਯੋਗ ਹੋਵੋਗੇ ਅਤੇ ਸਾਡੇ ਉੱਤੇ
ਉਸੇ ਤਰ੍ਹਾਂ ਮਾਣ ਕਰੋਗੇ, ਜਿਵੇਂ ਕਿ ਅਸੀਂ ਸਾਡੇ ਪ੍ਰਭੂ ਯਿਸੂ ਮਸੀਹ ਦੇ
ਆਉਣ ਵਾਲੇ ਦਿਨ ਤੁਹਾਡੇ ਉੱਤੇ ਮਾਣ ਕਰਾਂਗੇ।
15ਮੈਨੂੰ ਇਸ ਸਭ ਕੁਝ ਬਾਰੇ ਪੂਰਾ ਭਰੋਸਾ ਸੀ। ਇਸੇ ਲਈ ਮੈਂ
ਤੁਹਾਡੇ ਕੋਲ ਪਹਿਲਾਂ ਆਉਣ ਦੀ ਯੋਜਨਾ ਬਣਾਈ ਸੀ। ਇਉਂ ਤੁਸੀਂ
ਦੂਹਰੀ ਮਿਹਰ ਪ੍ਰਾਪਤ ਕਰ ਸਕਦੇ ਸੀ। 16ਮੈਂ ਆਪਣੀ ਮਕਦੂਨਿਆ
ਦੀ ਯਾਤਰਾ ਵੇਲੇ ਤੁਹਾਡੇ ਵੱਲ ਆਉਣ ਦੀ ਯੋਜਨਾ ਬਣਾਈ ਸੀ ਅਤੇ
ਵਾਪਸੀ ਵੇਲੇ ਫ਼ੇਰ ਤੁਹਾਨੂੰ ਮਿਲਣ ਦੀ ਯੋਜਨਾ ਬਣਾਈ ਸੀ, ਤਾਂ ਜੋ
ਜਦੋਂ ਮੈਂ ਯਹੂਦਿਯਾ ਨੂੰ ਸਫ਼ਰ ਕਰਾਂਗਾ ਤੁਹਾਡੇ ਤੋਂ ਸਹਾਇਤਾ ਪ੍ਰਾਪਤ
ਕਰ ਸਕਾਂਗਾ। 17ਕੀ ਤੁਸੀਂ ਸੋਚਦੇ ਹੋ ਕਿ ਮੈਂ ਇਹ ਯੋਜਨਾਵਾਂ ਬਿਨਾ
ਚੰਗੀ ਤਰ੍ਹਾਂ ਸੋਚਿਆਂ ਬਣਾਈਆਂ ਸਨ? ਜਾਂ ਸ਼ਾਇਦ ਤੁਸੀਂ ਇਹ
ਸੋਚ ਰਹੇ ਹੋਵੋ ਕਿ ਉਵੇਂ ਸੋਚਿਆ ਜਿਵੇਂ ਹੋਰ ਦੁਨੀਆ ਕਰਦੀ ਹੈ ਅਤੇ
ਆਖਦੀ ਹੈ, “ਹਾਂ, ਹਾਂ” ਅਤੇ ਉਸੇ ਸਮੇਂ, “ਨਾ, ਨਾ”।
18ਜੇ ਤੁਸੀਂ ਪਰਮੇਸ਼ੁਰ ਉੱਤੇ ਵਿਸ਼ਵਾਸ ਕਰੋ ਤਾਂ ਤੁਸੀਂ ਵਿਸ਼ਵਾਸ
ਕਰ ਸਕਦੇ ਹੋ ਕਿ ਅਸੀਂ ਕਦੇ ਵੀ ਇੱਕੋ ਵੇਲੇ ਹਾਂ ਅਤੇ ਨਾਂਹ ਨਹੀਂ
ਕਹਿੰਦੇ। 19ਪਰਮੇਸ਼ੁਰ ਦਾ ਪੁੱਤਰ, ਯਿਸੂ ਮਸੀਹ, ਜਿਸ ਦਾ ਮੈਂ,
ਸਿਲਵਾਨੁਸ ਅਤੇ ਤਿਮੋਥਿਉਸ ਨੇ ਪ੍ਰਚਾਰ ਕੀਤਾ, ਇੱਕੋ ਵੇਲੇ “ਹਾਂ”
ਅਤੇ “ਨਾ” ਨਹੀਂ ਸੀ। ਮਸੀਹ ਵਿੱਚ ਇਹ ਹਮੇਸ਼ਾ ਹੀ “ਹਾਂ” ਰਿਹਾ
ਹੈ। 20ਪਰਮੇਸ਼ੁਰ ਦੇ ਵਾਇਦੇ ਭਾਵੇਂ ਕਿੰਨੇ ਹੀ ਹੋਣ ਮਸੀਹ ਵਿੱਚ
ਵਿੱਚ “ਹਾਂ” ਹੀ ਹੈ, ਅਤੇ ਇਸੇ ਲਈ ਅਸੀਂ ਪਰਮੇਸ਼ੁਰ ਦੀ ਮਹਿਮਾ
ਲਈ, ਮਸੀਹ ਦੇ ਰਾਹੀਂ “ਆਮੀਨ” ਆਖਦੇ ਹਾਂ। 21ਪਰਮੇਸ਼ੁਰ ਹੀ
ਹੈ ਜਿਹੜਾ ਸਾਨੂੰ ਅਤੇ ਤੁਹਾਨੂੰ ਮਸੀਹ ਵਿੱਚ ਮਜ਼ਬੂਤ ਬਣਾਉਂਦਾ ਹੈ!
ਪਰਮੇਸ਼ੁਰ ਨੇ ਸਾਨੂੰ ਉਸ ਦੀ ਖਾਸ ਅਸੀਸ ਦਿੱਤੀ ਸੀ। 22ਉਸ ਨੇ
ਸਾਡੇ ਉੱਤੇ ਆਪਣਾ ਨਿਸ਼ਾਨ ਲਗਾਇਆ ਹੈ ਇਹ ਦਰਸਾਉਣ ਲਈ

ਕਿ ਅਸੀਂ ਉਸ ਦੇ ਲੋਕ ਹਾਂ। ਅਤੇ ਉਸ ਨੇ ਜ਼ਮਾਨਤ ਦੇ ਤੌਰ ਤੇ ਸਾਡੇ
ਦਿਲਾਂ ਵਿੱਚ ਆਪਣਾ ਆਤਮਾ ਰੱਖ ਦਿੱਤਾ ਹੈ ਉਹ ਸਾਨੂੰ ਉਹੋ ਸਭ
ਕੁਝ ਦੇਵੇਗਾ ਜਿਸ ਦਾ ਉਸ ਨੇ ਵਾਇਦਾ ਕੀਤਾ ਸੀ।
23ਪਰਮੇਸ਼ੁਰ ਗਵਾਹ ਹੈ ਕਿ ਇਹ ਸੱਚ ਹੈ ਕਿ ਮੈਂ ਕੁਰਿੰਥੁਸ ਨੂੰ
ਸਿਰਫ਼ ਇਸ ਕਰਕੇ ਨਹੀਂ ਆਇਆ ਕਿ ਮੈਂ ਤੁਹਾਨੂੰ ਕਸ਼ਟ ਜਾਂ ਸਜ਼ਾ
ਦੇਣਾ ਨਹੀਂ ਚਾਹੁੰਦਾ ਸੀ। 24ਮੇਰਾ ਇਹ ਮਤਲਬ ਨਹੀਂ ਕਿ ਅਸੀਂ
ਤੁਹਾਡੇ ਵਿਸ਼ਵਾਸ ਉੱਪਰ ਨਿਯੰਤ੍ਰਣ ਕਰਨ ਦੀ ਕੋਸ਼ਿਸ਼ ਕਰ ਰਹੇ ਹਾਂ।
ਤੁਸੀਂ ਵਿਸ਼ਵਾਸ ਦੇ ਪੱਕੇ ਹੋ। ਪਰ ਅਸੀਂ ਤਾਂ ਤੁਹਾਡੇ ਨਾਲ ਤੁਹਾਡੀ
ਆਪਣੀ ਖੁਸ਼ੀ ਲਈ ਕਾਮੇ ਹਾਂ।

2 1ਇਸੇ ਲਈ ਮੈਂ ਫ਼ੈਸਲਾ ਕੀਤਾ ਸੀ ਕਿ ਤੁਹਾਡੇ ਵੱਲ ਮੇਰੀ
ਅਗਲੀ ਯਾਤਰਾ ਤੁਹਾਨੂੰ ਉਦਾਸ ਕਰਨ ਵਾਲੀ ਇੱਕ ਹੋਰ
ਯਾਤਰਾ ਨਹੀਂ ਹੋਵੇਗੀ। 2ਜੇ ਮੈਂ ਤੁਹਾਨੂੰ ਉਦਾਸ ਕਰਦਾ ਹਾਂ ਤਾਂ ਮੈਨੂੰ
ਖੁਸ਼ੀ ਕੌਣ ਦੇਵੇਗਾ? ਸਿਰਫ਼ ਤੁਸੀਂ, ਜਿਨ੍ਹਾਂ ਨੂੰ ਮੈਂ ਉਦਾਸ ਕੀਤਾ ਹੈ।
3ਮੈਂ ਕਿਸੇ ਕਾਰਣ ਹੀ ਤੁਹਾਨੂੰ ਪੱਤਰ ਲਿਖਿਆ ਸੀ; ਤਾਂ ਜੋ ਜਦੋਂ ਮੈਂ
ਤੁਹਾਡੇ ਕੋਲ ਆਵਾਂ ਤਾਂ ਮੈਨੂੰ ਉਨ੍ਹਾਂ ਲੋਕਾਂ ਵੱਲੋਂ ਉਦਾਸੀ ਨਾ ਮਿਲੇ
ਜਿਨ੍ਹਾਂ ਤੋਂ ਮੈਨੂੰ ਖੁਸ਼ੀ ਮਿਲਣੀ ਚਾਹੀਦੀ ਹੈ। ਮੈਨੂੰ ਤੁਹਾਡੇ ਵਿੱਚ ਪੂਰਾ
ਯਕੀਨ ਹੈ ਕਿ ਤੁਸੀਂ ਸਾਰੇ ਮਰੀ ਖੁਸ਼ੀ ਸਾਂਝੀ ਕਰੋਗੇ। 4ਜਦੋਂ ਪਹਿਲਾਂ
ਮੈਂ ਤੁਹਾਨੂੰ ਇੱਕ ਪੱਤਰ ਲਿਖਿਆ ਸੀ, ਤਾਂ ਮੈਂ ਬਹੁਤ ਪਰੇਸ਼ਾਨ ਅਤੇ
ਦਿਲ ਵਿੱਚ ਬਹੁਤ ਉਦਾਸ ਸਾਂ। ਮੈਂ ਤੁਹਾਨੂੰ ਵਧੇਰੇ ਹੰਝੂਆਂ ਨਾਲ
ਲਿਖਿਆ ਸੀ। ਮੈਂ ਆਪਣੀ ਲਿਖਤ ਰਾਹੀਂ ਤੁਹਾਨੂੰ ਉਦਾਸ ਨਹੀਂ
ਕਰਨਾ ਚਾਹੁੰਦਾ। ਮੈਂ ਤੁਹਾਨੂੰ ਇਸ ਲਈ ਪੱਤਰ ਲਿਖਿਆ ਸੀ ਤਾਂ
ਜੋ ਤੁਸੀਂ ਇਹ ਜਾਣ ਸਕੋ ਕਿ ਮੈਂ ਤੁਹਾਨੂੰ ਕਿੰਨਾ ਪਿਆਰ ਕਰਦਾ ਹਾਂ।

## ਬੁਰਾ ਕਰਨ ਵਾਲੇ ਨੂੰ ਮਾਫ ਕਰ ਦਿਓ

5ਤੁਹਾਡੀ ਮੰਡਲੀ ਵਿੱਚੋਂ ਕਿਸੇ ਇੱਕ ਵਿਅਕਤੀ ਨੇ ਮੈਨੂੰ ਉਦਾਸੀ ਦਿੱਤੀ
ਹੈ। ਉਸ ਨੇ ਮੈਨੂੰ ਹੀ ਉਦਾਸ ਨਹੀਂ ਕੀਤਾ, ਪਰ ਤੁਹਾਨੂੰ ਸਾਰਿਆਂ ਨੂੰ
ਕੀਤਾ ਹੈ। ਜੋ ਮੈਂ ਆਖਦਾ ਹਾਂ, ਇੱਕ ਢੰਗ ਨਾਲ ਉਹੀ ਤੁਹਾਡੇ ਸਾਰਿਆਂ
ਲਈ ਉਦਾਸੀ ਲਿਆਇਆ ਸੀ। (ਮੈਂ ਇਹ ਇਸ ਲਈ ਆਖਦਾ ਹਾਂ
ਕਿਉਂਕਿ ਮੈਂ ਉਸ ਉੱਤੇ ਬਹੁਤ ਜ਼ਿਆਦਾ ਕਠੋਰ ਨਹੀਂ ਹੋਣਾ ਚਾਹੁੰਦਾ।)
6ਜਿਹੜੀ ਸਜ਼ਾ ਤੁਹਾਡੀ ਕਲੀਸਿਯਾ ਵਿੱਚੋਂ ਬਹੁਤ ਸਾਰੇ ਲੋਕਾਂ ਨੇ ਉਸ
ਨੂੰ ਦਿੱਤੀ ਉਹ ਉਸ ਲਈ ਕਾਫ਼ੀ ਹੈ। 7ਪਰ ਹੁਣ ਤੁਹਾਨੂੰ ਉਸ ਨੂੰ ਮਾਫ਼
ਕਰ ਦੇਣਾ ਚਾਹੀਦਾ ਹੈ ਅਤੇ ਉਸ ਨੂੰ ਤਸੱਲੀ ਦੇਣੀ ਚਾਹੀਦੀ ਹੈ। ਇਹ
ਗੱਲ ਉਸ ਨੂੰ ਹੱਦ ਤੋਂ ਵੱਧ ਉਦਾਸ ਹੋਣ ਲਈ ਪੂਰੀ ਤਰ੍ਹਾਂ ਦੁੱਖੀ ਹੋਣ ਤੋਂ
ਰੋਕ ਲਵੇਗੀ। 8ਇਸ ਲਈ ਮੈਂ ਤੁਹਾਡੇ ਅੱਗੇ ਬੇਨਤੀ ਕਰਦਾ ਹਾਂ ਕਿ
ਤੁਸੀਂ ਇਹ ਦਰਸਾਉ ਕਿ ਤੁਸੀਂ ਉਸ ਨੂੰ ਪਿਆਰ ਕਰਦੇ ਹੋ। 9ਇਹੀ
ਕਾਰਣ ਹੈ ਕਿ ਮੈਂ ਤੁਹਾਨੂੰ ਪੱਤਰ ਲਿਖਿਆ ਸੀ। ਮੈਂ ਇਹ ਜਾਣਨ
ਲਈ ਤੁਹਾਡੀ ਪਰੀਖਿਆ ਲੈਣੀ ਚਾਹੁੰਦਾ ਸੀ ਕਿ ਕੀ ਤੁਸੀਂ ਉਸ ਸਾਰੇ
ਕਾਸੇ ਬਾਰੇ ਜੋ ਮੈਂ ਆਖ ਰਿਹਾ ਹਾਂ, ਆਗਿਆਕਾਰੀ ਹੋ ਜਾਂ ਨਹੀਂ।
10ਜੇ ਤੁਸੀਂ ਕਿਸੇ ਨੂੰ ਕਿਸੇ ਗੱਲ ਲਈ ਬਖਸ਼ਦੇ ਹੋ ਤਾਂ ਮੈਂ ਵੀ ਉਸ
ਵਿਅਕਤੀ ਨੂੰ ਬਖਸ਼ ਦਿੰਦਾ ਹਾਂ। ਜੋ ਮੈਂ ਮਾਫ ਕੀਤਾ ਹੈ ਜੇ ਉੱਥੇ ਕੁਝ
ਵੀ ਮਾਫ ਕਰਨ ਦੇ ਕਾਬਲ ਸੀ, ਤਾਂ ਉਹ ਮੈਂ ਮਸੀਹ ਦੀ ਹਜ਼ੂਰੀ ਵਿੱਚ
ਤੁਹਾਡੀ ਖ਼ਾਤਰ ਮਾਫ ਕੀਤਾ ਹੈ। 11ਅਜਿਹਾ ਮੈਂ ਇਸ ਲਈ ਕੀਤਾ ਸੀ
ਤਾਂ ਜੋ ਸ਼ੈਤਾਨ ਸਾਡਾ ਫ਼ਾਇਦਾ ਨਾ ਉਠਾ ਸਕੇ, ਕਿਉਂ ਜੋ ਉਸ ਦੀਆਂ
ਚਾਲਾਂ ਨੂੰ ਅਸੀਂ ਚੰਗੀ ਤਰ੍ਹਾਂ ਨਾਲ ਜਾਣਦੇ ਹਾਂ।

## ਤ੍ਰੋਆਸ ਵਿੱਚ ਪੌਲੁਸ ਦੀ ਚਿੰਤਾ

12ਮੈਂ ਤ੍ਰੋਆਸ ਵਿੱਚ ਮਸੀਹ ਦੀ ਖੁਸ਼ਖਬਰੀ ਦਾ ਪ੍ਰਚਾਰ ਕਰਨ ਲਈ
ਗਿਆ ਸਾਂ। ਪ੍ਰਭੂ ਨੇ ਉੱਥੇ ਇੱਕ ਚੰਗਾ ਮੌਕਾ ਪ੍ਰਦਾਨ ਕੀਤਾ ਸੀ।
13ਪਰ ਮੈਨੂੰ ਸ਼ਾਂਤੀ ਨਹੀਂ ਮਿਲੀ, ਕਿਉਂ ਜੋ ਉੱਥੇ ਮੈਨੂੰ ਆਪਣਾ ਭਰਾ
ਤੀਤੁਸ ਨਹੀਂ ਮਿਲ ਸਕਿਆ। ਇਸ ਲਈ ਮੈਂ ਉਨ੍ਹਾਂ ਨੂੰ ਅਲਵਿਦਾ
ਕਹੀ ਅਤੇ ਮਕਦੂਨਿਯਾ ਨੂੰ ਚਲਾ ਗਿਆ।
14ਪਰ ਪਰਮੇਸ਼ੁਰ ਦਾ ਧੰਨਵਾਦ ਹੈ। ਪਰਮੇਸ਼ੁਰ ਸਦਾ ਹੀ ਸਾਡੀ
ਮਸੀਹ ਰਾਹੀਂ ਮਹਾਨ ਜਿੱਤ ਵੱਲ ਅਗਵਾਈ ਕਰਦਾ ਹੈ। ਪਰਮੇਸ਼ੁਰ
ਸਾਨੂੰ ਸਾਰੇ ਪਾਸੀਂ ਇੱਕ ਚੰਗੇ ਸੁਗੰਧਿਤ ਇਤ੍ਰ ਦੀ ਤਰ੍ਹਾਂ ਆਪਣਾ
ਗਿਆਨ ਫ਼ੈਲਾਉਣ ਲਈ ਇਸਤੇਮਾਲ ਕਰਦਾ ਹੈ। 15ਸਾਡੀ
ਪਰਮੇਸ਼ੁਰ ਨੂੰ ਭੇਟ ਇਹ ਹੈ। ਅਸੀਂ ਲੋਕਾਂ ਵਿੱਚ ਮਸੀਹ ਦੀ ਮਿੱਠੀ
ਸੁਗੰਧ ਹਾਂ ਜਿਹੜੇ ਬਚਾਏ ਜਾ ਰਹੇ ਹਨ ਅਤੇ ਉਨ੍ਹਾਂ ਲੋਕਾਂ ਵਿੱਚ ਵੀ
ਜਿਹੜੇ ਗੁਆਚੇ ਹੋਏ ਹਨ। 16ਗੁਆਚੇ ਹੋਏ ਲੋਕਾਂ ਲਈ ਅਸੀਂ ਮੌਤ
ਦੀ ਗੰਧ ਹਾਂ ਜਿਹੜੀ ਮੌਤ ਦਿੰਦੀ ਹੈ। ਪਰ ਬਚਾਏ ਜਾਣ ਵਾਲੇ ਲੋਕਾਂ
ਲਈ ਅਸੀਂ ਜੀਵਨ ਦੀ ਸੁਗੰਧ ਹਾਂ ਜਿਹੜੀ ਜੀਵਨ ਲਿਆਉਂਦੀ
ਹੈ। ਅਤੇ ਇਹ ਕੰਮ ਕਰਨ ਦੇ ਕੌਣ ਯੋਗ ਹੈ? 17ਬਹੁਤ ਸਾਰੇ ਲੋਕਾਂ
ਵਾਂਗ ਮੁਨਾਫ਼ੇ ਲਈ ਅਸੀਂ ਪਰਮੇਸ਼ੁਰ ਦਾ ਸ਼ਬਦ ਨਹੀਂ ਵੇਚ ਰਹੇ।
ਨਹੀਂ! ਪਰ ਅਸੀਂ ਮਸੀਹ ਵਿੱਚ ਪਰਮੇਸ਼ੁਰ ਅੱਗੇ ਸਚਿਆਈ ਨਾਲ
ਬੋਲਦੇ ਹਾਂ। ਅਸੀਂ ਪਰਮੇਸ਼ੁਰ ਵੱਲੋਂ ਭੇਜੇ ਬੰਦਿਆਂ ਵਾਂਗ ਬੋਲਦੇ ਹਾਂ।

## ਪਰਮੇਸ਼ੁਰ ਦੇ ਨਵੇਂ ਇਕਰਾਰਨਾਮੇ ਦੇ ਸੇਵਕ

3 1ਕੀ ਅਸੀਂ ਫ਼ੇਰ ਤੋਂ ਆਪਣੇ-ਆਪ ਬਾਰੇ ਸ਼ੇਖੀ ਮਾਰਨ ਲੱਗ
ਪਏ ਹਾਂ? ਕੀ ਕੁਝ ਹੋਰ ਲੋਕਾਂ ਵਾਂਗ, ਸਾਨੂੰ ਵੀ ਤੁਹਾਡੇ ਕੋਲ
ਪਛਾਣ-ਪੱਤਰ ਲਿਆਉਣੇ ਚਾਹੀਦੇ ਹਨ ਜਾਂ ਤੁਹਾਥੋਂ ਇਹ ਪੱਤਰ ਲੈਣੇ
ਚਾਹੀਦੇ ਹਨ। 2ਤੁਸੀਂ ਖੁਦ ਸਾਡੇ ਪੱਤਰ ਹੋ। ਇਹ ਪੱਤਰ ਸਾਡੇ ਦਿਲਾਂ
ਉੱਤੇ ਲਿਖਿਆ ਹੋਇਆ ਹੈ। ਸਾਰੇ ਲੋਕੀਂ ਇਸ ਨੂੰ ਜਾਣਦੇ ਹਨ ਅਤੇ
ਇਸ ਨੂੰ ਪੜ੍ਹ ਸਕਦੇ ਹਨ। 3ਤੁਸੀਂ ਵਿਖਾਓ ਕਿ ਤੁਸੀਂ ਮਸੀਹ ਵੱਲੋਂ
ਸਾਡੇ ਰਾਹੀਂ ਘੱਲਿਆ ਹੋਇਆ ਇੱਕ ਪੱਤਰ ਹੋ ਜੋ ਸਿਆਹੀ ਨਾਲ
ਨਹੀਂ ਲਿਖਿਆ ਹੋਇਆ, ਪਰੰਤੂ ਜੀਵਿਤ ਪਰਮੇਸ਼ੁਰ ਦੇ ਆਤਮਾ ਨਾਲ
ਲਿਖਿਆ ਹੋਇਆ ਹੈ। ਇਹ ਪੱਤਰ ਤਖਤੀ ਉੱਤੇ ਨਹੀਂ ਲਿਖਿਆ
ਹੋਇਆ। ਇਹ ਮਨੁੱਖੀ ਹਿਰਦਿਆਂ ਉੱਤੇ ਲਿਖਿਆ ਹੋਇਆ ਹੈ।
4ਅਸੀਂ ਇਹ ਗੱਲਾਂ ਇਸ ਲਈ ਆਖ ਸਕਦੇ ਹਾਂ, ਕਿਉਂ ਜੋ ਅਸੀਂ
ਮਸੀਹ ਦੇ ਰਾਹੀਂ ਪਰਮੇਸ਼ੁਰ ਅੱਗੇ ਪੂਰਾ ਯਕੀਨ ਰੱਖਦੇ ਹਾਂ। 5ਮੇਰਾ
ਇਹ ਮਤਲਬ ਨਹੀਂ ਕਿ ਅਸੀਂ ਇਹ ਕਹਿ ਸਕਦੇ ਹਾਂ ਕਿ ਅਸੀਂ ਕੋਈ
ਵੀ ਨੇਕ ਕੰਮ ਖੁਦ ਕਰ ਸਕਦੇ ਹਾਂ। ਇਹ ਤਾਂ ਪਰਮੇਸ਼ੁਰ ਹੀ ਹੈ ਜਿਹੜਾ
ਸਾਨੂੰ ਇਹ ਕਰਨ ਯੋਗ ਬਣਾਉਂਦਾ ਹੈ। 6ਪਰਮੇਸ਼ੁਰ ਨੇ ਸਾਨੂੰ ਨਵੇਂ
ਇਕਰਾਰ ਦੇ ਸੇਵਕ ਬਣਨ ਦੇ ਯੋਗ ਬਣਾਇਆ। ਪਰਮੇਸ਼ੁਰ ਵੱਲੋਂ
ਆਪਣੇ ਲੋਕਾਂ ਲਈ ਇਹ ਨਵਾਂ ਇਕਰਾਰਨਾਮਾ ਲਿਖਿਆ ਹੋਇਆ
ਨੇਮ ਨਹੀਂ ਹੈ। ਇਹ ਆਤਮਾ ਦਾ ਹੈ। ਲਿਖਿਆ ਹੋਇਆ ਨੇਮ ਮੌਤ
ਲਿਆਉਂਦਾ ਹੈ ਜਦ ਕਿ ਆਤਮਾ ਜੀਵਨ ਦਿੰਦਾ ਹੈ।

## ਨਵਾਂ ਕਰਾਰ ਮਹਾਨ ਮਹਿਮਾ ਲਿਆਉਂਦਾ ਹੈ

7ਉਹ ਪੁਰਾਣਾ ਕਰਾਰ ਜਿਸ ਨੇ ਮੌਤ ਲਿਆਂਦੀ ਪੱਥਰ ਉੱਤੇ ਸ਼ਬਦਾਂ
ਨਾਲ ਲਿਖਿਆ ਹੋਇਆ ਸੀ। ਇਹ ਪਰਮੇਸ਼ੁਰ ਦੀ ਮਹਿਮਾ ਨਾਲ
ਆਇਆ। ਮੂਸਾ ਦਾ ਮੁਖ ਮਹਿਮਾ ਨਾਲ ਇੰਨਾ ਚਮਕ ਰਿਹਾ
ਸੀ ਕਿ ਇਸਰਾਏਲੀ ਉਸ ਵੱਲ ਇੱਕ ਟਕ ਨਹੀਂ ਵੇਖ ਸਕੇ, ਪਰ
ਮਗਰੋਂ ਇਹ ਮਹਿਮਾ ਫ਼ਿੱਕੀ ਪੈ ਗਈ। 8ਇਸ ਲਈ, ਉਹ ਕਰਾਰ
ਜਿਹੜਾ ਆਤਮਾ ਲਿਆਇਆ ਸੱਚਮੁੱਚ ਹੀ ਮਹਾਨ ਮਹਿਮਾ ਰੱਖਦਾ
ਹੈ। 9ਭਾਵ ਇਹ ਹੈ ਕਿ ਉਹ ਪੁਰਾਣਾ ਕਰਾਰ ਜੋ ਲੋਕਾਂ ਦੇ ਪਾਪਾਂ ਦੇ

ਦੋਸ਼ੀ ਹੋਣ ਦਾ ਨਿਆਂ ਕਰਦਾ ਹੈ, ਹਾਲੇ ਵੀ ਉਸ ਦੀ ਮਹਿਮਾ ਸੀ। ਤਾਂ ਅਜਿਹਾ ਨਵਾਂ ਕਰਾਰ ਜਿਹੜਾ ਲੋਕਾਂ ਨੂੰ ਧਰਮੀ ਬਣਾਉਂਦਾ ਹੈ, ਨਿਸ਼ਚਿਤ ਹੀ ਮਹਾਨ ਮਹਿਮਾ ਰੱਖਦਾ ਹੈ। **10**ਉਸ ਪੁਰਾਣੇ ਕਰਾਰ ਦੀ ਮਹਿਮਾ ਸੀ। ਪਰ ਜਦੋਂ ਪੁਰਾਣੀ ਮਹਿਮਾ ਦੀ ਸਮਾਨਤਾ ਨਵੇਂ ਕਰਾਰ ਦੀ ਵਡੇਰੀ ਮਹਿਮਾ ਨਾਲ ਕੀਤੀ ਜਾਂਦੀ ਹੈ ਤਾਂ ਇਹ ਆਪਣੀ ਮਹਿਮਾ ਗੁਆ ਲੈਂਦਾ ਹੈ। **11**ਜੇ ਉਹ ਪੁਰਾਣਾ ਕਰਾਰ ਜਿਹੜਾ ਅਲੋਪ ਹੋਣ ਵਾਲਾ ਸੀ ਮਹਿਮਾ ਨਾਲ ਆਇਆ ਤਾਂ ਨਵਾਂ ਕਰਾਰ ਜਿਹੜਾ ਸਦੀਵੀ ਜਾਰੀ ਰਹੇਗਾ, ਕਿੰਨੀ ਮਹਾਨ ਮਹਿਮਾ ਰੱਖਦਾ ਹੈ।

**12**ਸਾਨੂੰ ਇਸ ਗੱਲ ਦੀ ਉਮੀਦ ਹੈ, ਇਸ ਲਈ ਅਸੀਂ ਬਹੁਤ ਬਹਾਦੁਰ ਹਾਂ। **13**ਅਸੀਂ ਮੂਸਾ ਵਾਂਗ ਨਹੀਂ ਹਾਂ। ਮੂਸਾ ਨੇ ਆਪਣਾ ਚਿਹਰਾ ਢੱਕਣ ਲਈ ਇੱਕ ਪਰਦਾ ਪਾਇਆ ਹੋਇਆ ਸੀ, ਤਾਂ ਜੋ ਇਸਰਾਏਲ ਦੇ ਲੋਕ ਉਸ ਮਹਿਮਾ ਵੱਲ ਇੱਕ ਟਕ ਨਾ ਵੇਖਣ ਜੋ ਜਲਦੀ ਹੀ ਫ਼ਿੱਕੀ ਹੋ ਰਹੀ ਸੀ। **14**ਪਰ ਉਨ੍ਹਾਂ ਦੇ ਮਨਾਂ ਨੂੰ ਤਾਲੇ ਲੱਗੇ ਹੋਏ ਸਨ। ਉਹ ਸਮਝ ਨਹੀਂ ਸਕੇ ਸੀ। ਅੱਜ ਦੇ ਦਿਨ ਤੱਕ ਵੀ ਜਦੋਂ ਪੁਰਾਣਾ ਕਰਾਰ ਪੜ੍ਹਿਆ ਜਾਂਦਾ ਹੈ ਤਾਂ ਉਹੀ ਪਰਦਾ ਉਸ ਦੇ ਅਰਥਾਂ ਨੂੰ ਢੱਕ ਲੈਂਦਾ ਹੈ। ਇਹ ਪਰਦਾ ਨਹੀਂ ਹਟਾਇਆ ਗਿਆ। ਇਹ ਤਾਂ ਕੇਵਲ ਮਸੀਹ ਦੇ ਰਾਹੀਂ ਹੀ ਹਟਾਇਆ ਗਿਆ ਹੈ। **15**ਹੁਣ ਵੀ, ਜਦੋਂ ਮੂਸਾ ਦਾ ਨੇਮ ਪੜ੍ਹਿਆ ਜਾਂਦਾ ਹੈ ਤਾਂ ਇੱਹ ਪਰਦਾ ਉਨ੍ਹਾਂ ਦੇ ਮਨਾਂ ਉੱਤੇ ਪਿਆ ਹੁੰਦਾ ਹੈ। **16**ਪਰ ਜਦੋਂ ਕੋਈ ਵਿਅਕਤੀ ਬਦਲਦਾ ਹੈ ਅਤੇ ਪ੍ਰਭੂ ਵੱਲ ਮੁੜਦਾ ਹੈ, ਤਾਂ ਪਰਦਾ ਹਟ ਜਾਂਦਾ ਹੈ। **17**ਇੱਥੇ ਸ਼ਬਦ "ਪ੍ਰਭੂ" ਆਤਮਾ ਨਾਲ ਸੰਬੰਧਤ ਹੈ। ਅਤੇ ਜਿੱਥੇ ਕਿਤੇ ਪ੍ਰਭੂ ਦਾ ਆਤਮਾ ਹੈ ਉੱਥੇ ਆਜ਼ਾਦੀ ਹੈ। **18**ਅਤੇ ਸਾਡੇ ਚਿਹਰੇ ਢੱਕੇ ਹੋਏ ਨਹੀਂ ਹਨ। ਅਸੀਂ ਸਾਰੇ ਪ੍ਰਭੂ ਦੀ ਮਹਿਮਾ ਨੂੰ ਦਰਸਾਉਂਦੇ ਹਾਂ ਅਸੀਂ ਬਦਲ ਕੇ ਉਸੇ ਵਰਗੇ ਬਣ ਰਹੇ ਹਾਂ ਇਹ ਤਬਦੀਲੀ ਸਾਡੇ ਲਈ ਵਧੇਰੇ ਮਹਾਨ ਮਹਿਮਾ ਲਿਆਉਂਦੀ ਹੈ। ਇਹ ਮਹਿਮਾ ਪ੍ਰਭੂ ਵੱਲੋਂ ਆਉਂਦੀ ਹੈ ਜੋ ਕਿ ਆਤਮਾ ਹੈ।

### ਮਿੱਟੀ ਦੇ ਭਾਂਡਿਆਂ ਵਿੱਚ ਆਤਮਕ ਖਜ਼ਾਨਾ

**4** **1**ਪਰਮੇਸ਼ੁਰ ਨੇ ਸਾਨੂੰ ਇਹ ਕੰਮ ਆਪਣੀ ਦਯਾ ਰਾਹੀਂ ਦਿੱਤਾ ਸੀ। ਇਸ ਲਈ ਅਸੀਂ ਉਤਸਾਹ ਨਹੀਂ ਗੁਆਵਾਂਗੇ। **2**ਪਰੰਤੂ ਅਸੀਂ ਗੁਪਤ ਅਤੇ ਸ਼ਰਮਨਾਕ ਰਾਹਾਂ ਤੋਂ ਦੂਰ ਲੰਘ ਗਏ ਹਾਂ। ਅਸੀਂ ਚਲਾਕੀਆਂ ਨਹੀਂ ਵਰਤਦੇ ਅਤੇ ਨਾ ਹੀ ਅਸੀਂ ਪਰਮੇਸ਼ੁਰ ਦੇ ਉਪਦੇਸ਼ ਨੂੰ ਤਬਦੀਲ ਕਰਦੇ ਹਾਂ। ਨਹੀਂ, ਅਸੀਂ ਸਪਸ਼ਟ ਤੌਰ ਤੇ ਸੱਚ ਦਾ ਪ੍ਰਚਾਰ ਕਰਦੇ ਹਾਂ। ਇਸੇ ਢੰਗ ਨਾਲ, ਅਸੀਂ ਲੋਕਾਂ ਨੂੰ ਦਿਖਉਂਦੇ ਹਾਂ ਕਿ ਅਸੀਂ ਕੌਣ ਹਾਂ। ਤਾਂ ਜੋ ਉਹ ਅਪਣੇ ਮਨਾਂ ਵਿੱਚ ਇਹ ਜਾਣ ਸਕਣ ਕਿ ਪਰਮੇਸ਼ੁਰ ਦੀ ਦ੍ਰਿਸ਼ਟੀ ਵਿੱਚ ਅਸੀਂ ਕਿਸ ਤਰ੍ਹਾਂ ਦੇ ਇਨਸਾਨ ਹਾਂ। **3**ਉਹ ਖੁਸ਼ਖਬਰੀ ਜਿਸ ਦਾ ਅਸੀਂ ਪ੍ਰਚਾਰ ਕਰਦੇ ਹਾਂ, ਲੁਕੀ ਹੋਈ ਹੈ। ਪਰ ਇਹ ਸਿਰਫ਼ ਉਨ੍ਹਾਂ ਲੋਕਾਂ ਲਈ ਛੁਪੀ ਹੋਈ ਹੈ ਜਿਹੜੇ ਗੁਆਚੇ ਹੋਏ ਹਨ। **4**ਇਸ ਦੁਨੀਆ ਦੇ ਮਾਲਕ[a] ਨੇ ਉਨ੍ਹਾਂ ਲੋਕਾਂ ਦੇ ਮਨਾਂ ਨੂੰ ਅੰਨ੍ਹਾ ਬਣਾ ਦਿੱਤਾ ਹੈ, ਜਿਹੜੇ ਵਿਸ਼ਵਾਸ ਨਹੀਂ ਕਰਦੇ। ਉਹ ਖੁਸ਼ਖਬਰੀ ਦੀ ਰੋਸ਼ਨੀ ਮਸੀਹ ਦੀ ਮਹਿਮਾ ਦੀ ਖੁਸ਼ਖਬਰੀ ਨੂੰ ਨਹੀਂ ਦੇਖ ਸਕਦੇ। ਸਿਰਫ਼ ਮਸੀਹ ਹੀ ਹੈ ਜਿਹੜਾ ਰੂ-ਬਰੂ ਪਰਮੇਸ਼ੁਰ ਵਰਗਾ ਹੈ। **5**ਅਸੀਂ ਆਪਣੇ ਆਪ ਦਾ ਪ੍ਰਚਾਰ ਨਹੀਂ ਕਰਦੇ। ਪਰੰਤੂ ਅਸੀਂ ਇਹ ਪ੍ਰਚਾਰ ਕਰਦੇ ਹਾਂ ਕਿ ਯਿਸੂ ਮਸੀਹ ਪ੍ਰਭੂ ਹੈ, ਅਤੇ ਅਸੀਂ ਪ੍ਰਚਾਰ ਕਰਦੇ ਹਾਂ ਕਿ ਅਸੀਂ ਯਿਸੂ ਲਈ ਤੁਹਾਡੇ ਸੇਵਕ ਹਾਂ। **6**ਇੱਕ ਵਾਰੀ ਪਰਮੇਸ਼ੁਰ ਨੇ ਆਖਿਆ ਸੀ, "ਚਾਨਣ ਨੂੰ ਹਨੇਰੇ ਤੋਂ ਬਾਹਰ ਚਮਕਣ ਦਿਓ।" ਅਤੇ ਇਹ ਓਹੀ ਪਰਮੇਸ਼ੁਰ ਹੈ ਜਿਸ ਨੇ ਸਾਡੇ ਹਿਰਦਿਆਂ ਵਿੱਚ ਜੋਤ ਜਗਾਈ ਹੈ। ਉਸ ਨੇ ਸਾਨੂੰ ਪਰਮੇਸ਼ੁਰ ਦੀ ਮਹਿਮਾ ਤੋਂ ਜਾਣੂ ਕਰਵਾਇਆ, ਜਿਹੜੀ ਮਸੀਹ ਹੈ ਅਤੇ ਇਸ ਨੂੰ ਸਾਨੂੰ ਦਿੱਤਾ।

**7**ਸਾਡੇ ਕੋਲ ਇਹ ਖਜ਼ਾਨਾ ਹੈ ਜੋ ਪਰਮੇਸ਼ੁਰ ਵੱਲੋਂ ਦਿੱਤਾ ਹੋਇਆ ਹੈ। ਪਰੰਤੂ ਅਸੀਂ ਸਿਰਫ਼ ਮਿੱਟੀ ਦੇ ਉਨ੍ਹਾਂ ਭਾਂਡਿਆਂ ਵਾਂਗ ਹਾਂ ਜਿਨ੍ਹਾਂ ਵਿੱਚ ਖਜ਼ਾਨਾ ਸਾਂਭਿਆ ਹੁੰਦਾ ਹੈ। ਇਸ ਤੋਂ ਪ੍ਰਤੱਖ ਹੁੰਦਾ ਹੈ ਕਿ ਇਹ ਮਹਾਨ ਸ਼ਕਤੀ ਸਾਡੀ ਨਹੀਂ ਸਗੋਂ ਪਰਮੇਸ਼ੁਰ ਦੀ ਦਿੱਤੀ ਹੋਈ ਹੈ। **8**ਅਸੀਂ ਮੁਸ਼ਕਲਾਂ ਵਿੱਚ ਘਿਰੇ ਹੋਏ ਹਾਂ, ਪਰ ਅਸੀਂ ਹਾਰੇ ਹੋਏ ਨਹੀਂ ਹਾਂ। ਬਹੁਤੀ ਵਾਰ ਸਾਨੂੰ ਇਹ ਪਤਾ ਨਹੀਂ ਹੁੰਦਾ ਕਿ ਅਸੀਂ ਕੀ ਕਰੀਏ, ਪਰ ਅਸੀਂ ਹਿੰਮਤ ਨਹੀਂ ਹਾਰਦੇ। **9**ਸਾਨੂੰ ਸਤਾਇਆ ਜਾਂਦਾ ਹੈ ਪਰ ਪਰਮੇਸ਼ੁਰ ਸਾਨੂੰ ਨਹੀਂ ਛੱਡਦਾ। ਕਈ ਵਾਰੀ ਸਾਨੂੰ ਥੱਲੇ ਸੁੱਟ ਦਿੱਤਾ ਜਾਂਦਾ ਹੈ ਪਰ ਅਸੀਂ ਕਦੇ ਵੀ ਨਾਸ ਨਹੀਂ ਹੁੰਦੇ। **10**ਯਿਸੂ ਦੀ ਮੌਤ ਸਾਡੇ ਸਰੀਰਾਂ ਵਿੱਚ ਹੈ ਅਤੇ ਜਿੱਥੇ ਵੀ ਅਸੀਂ ਜਾਂਦੇ ਹਾਂ, ਅਸੀਂ ਇਸ ਮੌਤ ਨੂੰ ਹਮੇਸ਼ਾ ਆਪਣੇ ਨਾਲ ਲਈ ਫਿਰਦੇ ਹਾਂ, ਤਾਂ ਜੋ ਯਿਸੂ ਦਾ ਜੀਵਨ ਸਾਡੇ ਸਰੀਰਾਂ ਵਿੱਚ ਵਿਖਾਇਆ ਜਾ ਸਕੇ। **11**ਅਸੀਂ ਜੀਉਂਦੇ ਹਾਂ ਪਰ ਯਿਸੂ ਲਈ ਅਸੀਂ ਸਾਰੇ ਮੌਤ ਦੇ ਖਤਰੇ ਹੇਠਾਂ ਰਹਿੰਦੇ ਹਾਂ ਇਹ ਸਾਡੇ ਨਾਲ ਵਾਪਰਦਾ ਹੈ ਤਾਂ ਜੋ ਸਾਡੇ ਮਰ ਜਾਣ ਵਾਲੇ ਸਰੀਰਾਂ ਵਿੱਚ ਯਿਸੂ ਦਾ ਜੀਵਨ ਦੇਖਿਆ ਜਾ ਸਕਦਾ ਹੈ। **12**ਇਸੇ ਲਈ ਮੌਤ ਸਾਡੇ ਵਿੱਚ ਕੰਮ ਕਰ ਰਹੀ ਹੈ, ਪਰ ਜੀਵਨ ਤੁਹਾਡੇ ਵਿੱਚ ਕੰਮ ਕਰ ਰਿਹਾ ਹੈ।

**13**ਇਹ ਪੋਥੀਆਂ ਵਿੱਚ ਲਿਖਿਆ ਹੋਇਆ ਹੈ: "ਮੈਂ ਵਿਸ਼ਵਾਸ ਕੀਤਾ ਇਸ ਲਈ, ਮੈਂ ਬੋਲਿਆ ਹਾਂ।"[b] ਸਾਡੀ ਨਿਹਚਾ ਵੀ ਉਸੇ ਤਰ੍ਹਾਂ ਦੀ ਹੈ। ਅਸੀਂ ਵਿਸ਼ਵਾਸ ਕਰਦੇ ਹਾਂ ਅਤੇ ਇਸੇ ਲਈ ਬੋਲਦੇ ਹਾਂ। **14**ਪਰਮੇਸ਼ੁਰ ਨੇ ਪ੍ਰਭੂ ਯਿਸੂ ਨੂੰ ਮੁਰਦਿਆਂ ਵਿੱਚੋਂ ਜਿਵਾਲਿਆ ਅਤੇ ਸਾਨੂੰ ਪਤਾ ਹੈ ਕਿ ਪਰਮੇਸ਼ੁਰ ਸਾਨੂੰ ਵੀ ਯਿਸੂ ਦੇ ਸਮੇਤ ਜਿਵਾਲੇਗਾ। ਪਰਮੇਸ਼ੁਰ ਸਾਨੂੰ ਤੁਹਾਡੇ ਨਾਲ ਲਿਆਵੇਗਾ ਅਸੀਂ ਉਸ ਦੇ ਸਨਮੁੱਖ ਖੜ੍ਹੇ ਹੋਵਾਂਗੇ। **15**ਇਹ ਸਾਰੀਆਂ ਚੀਜ਼ਾਂ ਤੁਹਾਡੇ ਵਾਸਤੇ ਹਨ। ਇਸ ਲਈ ਪਰਮੇਸ਼ੁਰ ਦੀ ਕਿਰਪਾ ਵੱਧ ਤੋਂ ਵੱਧ ਲੋਕਾਂ ਨੂੰ ਦਿੱਤੀ ਗਈ ਹੈ। ਇਸ ਲਈ ਪਰਮੇਸ਼ੁਰ ਨੂੰ ਉਸ ਦੀ ਮਹਿਮਾ ਲਈ ਵੱਧ ਤੋਂ ਵੱਧ ਧੰਨਵਾਦ ਹੋਣਗੇ।

### ਵਿਸ਼ਵਾਸ ਅਨੁਸਾਰ ਜਿਉਣਾ

**16**ਇਹੀ ਕਾਰਣ ਹੈ ਕਿ ਅਸੀਂ ਕਦੇ ਵੀ ਕਮਜ਼ੋਰ ਨਹੀਂ ਬਣਾਂਗੇ। ਸਾਡਾ ਭੌਤਿਕ ਸਰੀਰ ਬੁੱਢਾ ਤੇ ਕਮਜ਼ੋਰ ਹੋ ਰਿਹਾ ਹੈ, ਪਰ ਸਾਡੀ ਅੰਦਰਲੀ ਹੋਂਦ ਦਿਨ ਪ੍ਰਤਿਦਿਨ ਨਵੀਂ ਬਣਦੀ ਜਾ ਰਹੀ ਹੈ। **17**ਹੁਣ ਥੋੜੇ ਸਮੇਂ ਲਈ ਸਾਨੂੰ ਛੋਟੀਆਂ ਤਕਲੀਫ਼ਾਂ ਮਿਲਣਗੀਆਂ। ਪਰ ਇਹ ਮੁਸ਼ਕਲਾਂ ਸਾਨੂੰ ਸਦੀਵੀ ਮਹਿਮਾ ਹਾਸਲ ਕਰਨ ਵਿੱਚ ਸਹਾਈ ਹੋ ਰਹੀਆਂ ਹਨ। ਉਹ ਸਦੀਵੀ ਮਹਿਮਾ ਇਨ੍ਹਾਂ ਮੁਸ਼ਕਲਾਂ ਨਾਲੋਂ ਕਿਤੇ ਮਹਾਨ ਹੈ। **18**ਇਸ ਲਈ ਅਸੀਂ ਉਨ੍ਹਾਂ ਗੱਲਾਂ ਬਾਰੇ ਨਹੀਂ ਸੋਚਦੇ ਜੋ ਅਸੀਂ ਦੇਖਦੇ ਹਾਂ, ਸਗੋਂ ਉਨ੍ਹਾਂ ਗੱਲਾਂ ਬਾਰੇ ਸੋਚਦੇ ਹਾਂ ਜੋ ਅਸੀਂ ਦੇਖ ਨਹੀਂ ਸਕਦੇ। ਜੋ ਚੀਜ਼ਾਂ ਅਸੀਂ ਦੇਖਦੇ ਹਾਂ ਉਹ ਥੋੜੇ ਚਿਰ ਲਈ ਹਨ ਅਤੇ ਜੋ ਚੀਜ਼ਾਂ ਅਸੀਂ ਦੇਖ ਨਹੀਂ ਸਕਦੇ, ਸਦੀਵੀ ਹਨ।

**5** **1**ਸਾਨੂੰ ਪਤਾ ਹੈ ਕਿ ਇਹ ਤੰਬੂ ਭਾਵ ਧਰਤੀ ਉੱਪਰਲਾ ਸਾਡਾ ਇਹ ਸਰੀਰ ਜਿਸ ਵਿੱਚ ਅਸੀਂ ਰਹਿੰਦੇ ਹਾਂ, ਤਬਾਹ ਕਰ ਦਿੱਤਾ

[a] ***4:4* ਮਾਲਕ** ਅੱਖਰੀ ਤੌਰ ਤੇ "ਦੇਵਤਾ।"

[b] ***4:13*** ਹਵਾਲਾ: ਜ਼ਬੂਰ 116:10

ਜਾਵੇਗਾ। ਪਰ ਜਦੋਂ ਅਜਿਹਾ ਹੋਵੇਗਾ ਤਾਂ ਪਰਮੇਸ਼ੁਰ ਸਾਨੂੰ ਰਹਿਣ
ਲਈ ਘਰ ਦੇਵੇਗਾ। ਇਹ ਘਰ ਮਨੁੱਖਾਂ ਦਾ ਬਣਾਇਆ ਹੋਇਆ
ਨਹੀਂ ਹੋਵੇਗਾ। ਇਹ ਘਰ ਸਵਰਗ ਵਿੱਚ ਹੋਵੇਗਾ ਜਿਹੜਾ ਸਦੀਵੀ
ਹੈ। **2**ਪਰ ਹੁਣ ਅਸੀਂ ਇਸ ਭੌਤਿਕ ਸਰੀਰ ਤੋਂ ਥੱਕ ਗਏ ਹਾਂ। ਅਸੀਂ
ਆਪਣੇ ਆਪ ਨੂੰ ਸਾਡੇ ਸੁਰਗੀ ਘਰ ਨਾਲ ਢੱਕੇ ਜਾਣ ਲਈ ਬੜੀ
ਤੀਬਰ ਇੱਛਾ ਕਰਦੇ ਹਾਂ। **3**ਇਹ ਸਾਨੂੰ ਕੱਜ ਲਵੇਗਾ ਅਤੇ ਅਸੀਂ
ਨਗਨ ਨਹੀਂ ਹੋਵਾਂਗੇ। **4**ਜਿੰਨਾ ਚਿਰ ਅਸੀਂ ਇਸ ਤੰਬੂ ਵਿੱਚ ਰਹਾਂਗੇ,
ਸਾਨੂੰ ਮੁਸ਼ਕਲਾਂ ਹਨ ਅਤੇ ਅਸੀਂ ਹਉਕੇ ਭਰਦੇ ਹਾਂ। ਮੇਰਾ ਇਹ
ਮਤਲਬ ਨਹੀਂ ਕਿ ਅਸੀਂ ਇਸ ਤੰਬੂ ਤੋਂ ਛੁਟਕਾਰਾ ਪਾਉਣਾ ਚਾਹੁੰਦੇ ਹਾਂ,
ਪਰ ਅਸੀਂ ਇਹ ਚਾਹੁੰਦੇ ਹਾਂ ਕਿ ਅਸੀਂ ਆਪਣੇ ਸਵਰਗੀ ਤੰਬੂ ਨਾਲ
ਸੱਜੇ ਹੋਈਏ। ਫ਼ੇਰ ਇਹ ਮਰ ਜਾਣ ਵਾਲਾ ਸਰੀਰ ਪੂਰੀ ਤਰ੍ਹਾਂ ਜੀਵਨ
ਨਾਲ ਕੱਜਿਆ ਜਾਵੇਗਾ। **5**ਪਰਮੇਸ਼ੁਰ ਨੇ ਸਾਡੀ ਸਿਰਜਣਾ ਇਸ ਲਈ
ਕੀਤੀ ਸੀ ਅਤੇ ਉਸ ਨੇ ਪ੍ਰਮਾਣ ਦੇਣ ਲਈ ਜ਼ਮਾਨਤ ਵਜੋਂ ਸਾਨੂੰ ਇੱਕ
ਆਤਮਾ ਪ੍ਰਦਾਨ ਕੀਤਾ ਹੈ ਕਿ ਉਹ ਸਾਨੂੰ ਇਹ ਨਵਾਂ ਜੀਵਨ ਦੇਵੇਗਾ।
**6**ਇਸ ਲਈ ਅਸੀਂ ਸਦਾ ਹੌਸਲਾ ਰੱਖਦੇ ਹਾਂ ਅਸੀਂ ਜਾਣਦੇ ਹਾਂ ਕਿ
ਜਿੰਨਾ ਚਿਰ ਅਸੀਂ ਇਸ ਸਰੀਰ ਵਿੱਚ ਰਹਿ ਰਹੇ ਹਾਂ ਅਸੀਂ ਪ੍ਰਭੂ ਤੋਂ
ਦੂਰ ਹਾਂ। **7**ਅਸੀਂ ਉਸੇ ਸੰਗ ਰਹਿੰਦੇ ਹਾਂ ਜਿਸ ਵਿੱਚ ਅਸੀਂ ਵਿਸ਼ਵਾਸ
ਰੱਖਦੇ ਹਾਂ ਨਾ ਕਿ ਜੋ ਸਾਨੂੰ ਨਜ਼ਰ ਆਉਂਦਾ ਹੈ। **8**ਇਸ ਲਈ ਮੈਂ
ਕਹਿੰਦਾ ਹਾਂ ਕਿ ਸਾਨੂੰ ਯਕੀਨ ਹੈ। ਅਤੇ ਅਸੀਂ ਸੱਚਮੁੱਚ ਇਸ ਸਰੀਰ
ਨੂੰ ਛੱਡਣਾ ਲੋਚਦੇ ਹਾਂ ਅਤੇ ਪ੍ਰਭੂ ਦੀ ਹਜ਼ੂਰੀ ਵਿੱਚ ਰਹਿਣਾ ਚਾਹੁੰਦੇ ਹਾਂ।
**9**ਸਾਡਾ ਇੱਕੋ ਇੱਕ ਟੀਚਾ ਪਰਮੇਸ਼ੁਰ ਨੂੰ ਪ੍ਰਸੰਨ ਕਰਨਾ ਹੈ। ਜਿੱਥੇ ਕਿਤੇ
ਵੀ ਅਸੀਂ ਹਾਂ, ਭਾਵੇਂ ਅਸੀਂ ਇੱਥੇ ਸਰੀਰ ਵਿੱਚ ਰਹੀਏ ਜਾਂ ਉੱਥੇ ਪ੍ਰਭੂ
ਨਾਲ, ਸਾਡੀ ਇੱਛਾ ਉਸ ਨੂੰ ਪ੍ਰਸੰਨ ਕਰਨ ਦੀ ਹੈ। **10**ਸਾਨੂੰ ਸਾਰਿਆਂ
ਨੂੰ ਅਵੱਸ਼ ਹੀ ਮਸੀਹ ਦੇ ਸਾਹਮਣੇ ਨਿਆਂ ਲਈ ਖਲੋਣਾ ਪਵੇਗਾ।
ਹਰ ਵਿਅਕਤੀ ਉਹੀ ਪ੍ਰਾਪਤ ਕਰੇਗਾ ਜਿਸ ਦੇ ਉਹ ਯੋਗ ਹੈ ਅਰਥਾਤ
ਜੋ ਕੁਝ ਉਸ ਨੇ ਇਸ ਭੌਤਿਕ ਸਰੀਰ ਵਿੱਚ ਰਹਿੰਦਿਆਂ ਕੀਤਾ ਭਾਵੇਂ
ਉਹ ਚੰਗਾ ਸੀ ਜਾਂ ਬੁਰਾ।

### ਲੋਕਾਂ ਨੂੰ ਪਰਮੇਸ਼ੁਰ ਦੇ ਦੋਸਤ ਬਣਨ ਵਿੱਚ ਸਹਾਇਤਾ ਕਰਨਾ

**11**ਅਸੀਂ ਸਾਰੇ ਜਾਣਦੇ ਹਾਂ ਕਿ ਪ੍ਰਭੂ ਤੋਂ ਡਰਨ ਦਾ ਕੀ ਅਰਥ ਹੈ। ਇਸ
ਲਈ ਅਸੀਂ ਲੋਕਾਂ ਦੀ ਸੱਚ ਨੂੰ ਪ੍ਰਾਪਤ ਕਰਨ ਵਿੱਚ ਸਹਾਇਤਾ ਕਰਦੇ
ਹਾਂ। ਪਰਮੇਸ਼ੁਰ ਜਾਣਦਾ ਹੈ ਕਿ ਅਸੀਂ ਅਸਲ ਵਿੱਚ ਕੀ ਹਾਂ ਅਤੇ ਮੈਨੂੰ
ਉਮੀਦ ਹੈ ਕਿ ਤੁਸੀਂ ਸਾਨੂੰ ਆਪਣੇ ਦਿਲਾਂ ਵਿੱਚ ਜਾਣਦੇ ਹੋ। **12**ਅਸੀਂ
ਤੁਹਾਨੂੰ ਆਪਣੇ ਆਪ ਦਾ ਮੁੜਕੇ ਪ੍ਰਮਾਣ ਦੇਣ ਦੀ ਕੋਸ਼ਿਸ਼ ਨਹੀਂ ਕਰ
ਰਹੇ, ਪਰ ਅਸੀਂ ਤੁਹਾਨੂੰ ਆਪਣੇ ਬਾਰੇ ਦੱਸ ਰਹੇ ਹਾਂ। ਅਸੀਂ ਕਾਰਣ
ਦੇ ਰਹੇ ਹਾਂ ਜਿਸ ਵਾਸਤੇ ਤੁਸੀਂ ਸਾਡੇ ਉੱਤੇ ਮਾਣ ਕਰ ਸਕਦੇ ਹੋ। ਫ਼ੇਰ
ਤੁਹਾਡਾ ਕਲ ਉਨ੍ਹਾਂ ਲਈ ਉੱਤਰ ਹੋਵੇਗਾ ਜਿਹੜੇ ਪ੍ਰਤੱਖ ਚੀਜ਼ਾਂ ਉੱਤੇ
ਮਾਣ ਕਰਦੇ ਹਨ। ਉਹ ਲੋਕ ਇਸ ਗੱਲ ਦੀ ਪਰਵਾਹ ਨਹੀਂ ਕਰਦੇ
ਕਿ ਕਿਸੇ ਵਿਅਕਤੀ ਦੇ ਦਿਲ ਵਿੱਚ ਕੀ ਹੈ। **13**ਜੇ ਅਸੀਂ ਝੱਲੇ ਹਾਂ,
ਤਾਂ ਇਹ ਪਰਮੇਸ਼ੁਰ ਲਈ ਹੈ। ਜੇ ਸਿਆਣੇ ਹਾਂ ਤਾਂ ਤੁਹਾਡੇ ਲਈ ਹੈ।
**14**ਅਸੀਂ ਮਸੀਹ ਦੇ ਪਿਆਰ ਦੇ ਵੱਸ ਹਾਂ, ਕਿਉਂਕਿ ਅਸੀਂ ਜਾਣਦੇ
ਹਾਂ ਕਿ ਉਹ ਸਾਰਿਆਂ ਲਈ ਮਰਿਆ, ਇਸੇ ਲਈ ਸਾਰੇ ਮਰ ਗਏ।
**15**ਮਸੀਹ ਸਾਰਿਆਂ ਲਈ ਮਰਿਆ, ਤਾਂ ਜੋ ਜਿਹੜੇ ਲੋਕ ਜੀਉਂਦੇ ਹਨ
ਉਹ ਅਗਾਹਾਂ ਨੂੰ ਆਪਣੇ ਲਈ ਨਹੀਂ ਸਗੋਂ ਉਹ ਦੇ ਲਈ ਜੀਉਣ
ਜਿਹੜਾ ਉਨ੍ਹਾਂ ਦੇ ਲਈ ਮੋਇਆ ਅਤੇ ਫਿਰ ਜੀ ਉਠਿਆ।
**16**ਹੁਣ ਤੋਂ ਅਸੀਂ ਕਿਸੇ ਵਿਅਕਤੀ ਬਾਰੇ ਉਸ ਤਰ੍ਹਾਂ ਨਹੀਂ ਸੋਚਦੇ
ਜਿਵੇਂ ਦੁਨੀਆ ਦੇ ਲੋਕ ਸੋਚਦੇ ਹਨ। ਇਹ ਸੱਚ ਹੈ ਕਿ ਪਿੱਛਲੇ ਸਮੇਂ
ਅਸੀਂ ਮਸੀਹ ਬਾਰੇ ਦੁਨੀਆ ਦੇ ਲੋਕਾਂ ਵਾਂਗ ਹੀ ਸੋਚਿਆ ਸੀ। ਪਰ
ਹੁਣ ਅਸੀਂ ਉਸ ਤਰ੍ਹਾਂ ਨਹੀਂ ਸੋਚਦੇ। **17**ਜੇਕਰ ਕੋਈ ਵੀ ਮਸੀਹ
ਵਿੱਚ ਹੈ, ਉਹ ਨਵਾਂ ਬਣ ਗਿਆ ਹੈ। ਪੁਰਾਣੀਆਂ ਚੀਜ਼ਾਂ ਦੂਰ
ਚੱਲੀਆਂ ਗਈਆਂ ਅਤੇ ਹੁਣ ਸਭ ਕੁਝ ਨਵਾਂ ਹੈ। **18**ਇਹ ਸਾਰਾ
ਕੁਝ ਪਰਮੇਸ਼ੁਰ ਵੱਲੋਂ ਹੈ। ਪਰਮੇਸ਼ੁਰ ਨੇ ਮਸੀਹ ਦੇ ਰਾਹੀਂ ਸਾਡੇ ਅਤੇ
ਆਪਣੇ ਵਿਚਕਾਰ ਸ਼ਾਂਤੀ ਦਾ ਸੰਬੰਧ ਜੋੜਿਆ ਹੈ, ਅਤੇ ਪਰਮੇਸ਼ੁਰ
ਨੇ ਸਾਨੂੰ ਲੋਕਾਂ ਅਤੇ ਉਸ ਵਿਚਕਾਰ ਸ਼ਾਂਤੀ ਬਣਾਉਣ ਦਾ ਕੰਮ ਦਿੱਤਾ
ਹੈ। **19**ਭਾਵ ਇਹ ਹੈ ਕਿ ਪਰਮੇਸ਼ੁਰ ਮਸੀਹ ਵਿੱਚ ਆਪਣੇ ਅਤੇ
ਦੁਨੀਆ ਵਿਚਕਾਰ ਸ਼ਾਂਤੀ ਸਥਾਪਿਤ ਕਰ ਰਿਹਾ ਸੀ। ਮਸੀਹ ਵਿੱਚ
ਪਰਮੇਸ਼ੁਰ ਨੇ ਲੋਕਾਂ ਨੂੰ ਉਨ੍ਹਾਂ ਦੇ ਜੁਰਮੀ ਗੁਨਾਹਾਂ ਦਾ ਜ਼ਿੰਮੇਦਾਰ ਨਹੀਂ
ਠਹਿਰਾਇਆ। ਉਸ ਨੇ ਸਾਨੂੰ ਸ਼ਾਂਤੀ ਦਾ ਸੰਦੇਸ਼ ਦਿੱਤਾ। **20**ਇਸ
ਲਈ ਅਸੀਂ ਮਸੀਹ ਬਾਰੇ ਗੱਲ ਕਰਨ ਲਈ ਭੇਜੇ ਗਏ ਹਾਂ। ਇਹ
ਇਸ ਤਰ੍ਹਾਂ ਹੈ ਜਿਵੇ ਪਰਮੇਸ਼ੁਰ ਸਾਡੇ ਰਾਹੀਂ ਲੋਕਾਂ ਨੂੰ ਸੱਦ ਰਿਹਾ
ਹੈ। ਇਸ ਲਈ ਮਸੀਹ ਦੇ ਪੱਖੋਂ ਅਸੀਂ ਤੁਹਾਨੂੰ ਬੇਨਤੀ ਕਰਦੇ ਹਾਂ;
ਪਰਮੇਸ਼ੁਰ ਨਾਲ ਸ਼ਾਂਤੀ ਬਣਾਓ। **21**ਮਸੀਹ ਵਿੱਚ ਕੋਈ ਪਾਪ ਨਹੀਂ
ਸੀ। ਪਰ ਪਰਮੇਸ਼ੁਰ ਨੇ ਉਸ ਨੂੰ ਪਾਪ ਬਣਾ ਦਿੱਤਾ। ਪਰਮੇਸ਼ੁਰ ਨੇ
ਇਹ ਸਾਡੇ ਲਈ ਕੀਤਾ ਸੀ ਤਾਂ ਜੋ ਉਸ ਰਾਹੀਂ ਅਸੀਂ ਪਰਮੇਸ਼ੁਰ ਨਾਲ
ਧਰਮੀ ਬਣ ਸਕੀਏ।

**6** **1**ਅਸੀਂ ਪਰਮੇਸ਼ੁਰ ਦੇ ਨਾਲ ਕੰਮ ਕਰਨ ਵਾਲੇ ਕਾਮੇ ਹਾਂ। ਇਸ
ਲਈ ਅਸੀਂ ਤੁਹਾਨੂੰ ਬੇਨਤੀ ਕਰਦੇ ਹਾਂ। ਇਹ ਵੇਖਣਾ ਕਿ
ਜਿਹੜੀ ਕਿਰਪਾ ਤੁਸੀਂ ਪਰਮੇਸ਼ੁਰ ਤੋਂ ਪ੍ਰਾਪਤ ਕਰਦੇ ਹੋ ਕਿਤੇ ਵਿਅਰਥ
ਨਾ ਹੋ ਜਾਵੇ। **2**ਪਰਮੇਸ਼ੁਰ ਦਾ ਕਥਨ ਹੈ;

> "ਮੈਂ ਸਹੀ ਸਮੇਂ ਤੁਹਾਨੂੰ ਸੁਣਿਆ ਅਤੇ ਮੁਕਤੀ ਦੇ ਦਿਨ
> ਤੁਹਾਡੀ ਸਹਾਇਤਾ ਕੀਤੀ।" *ਯਸਾਯਾਹ 49:8*

ਮੈਂ ਤੁਹਾਨੂੰ ਆਖਦਾ ਹਾਂ ਕਿ "ਸਹੀ ਸਮਾਂ" ਹੁਣ ਹੈ "ਮੁਕਤੀ ਦਾ ਦਿਨ"
ਹੁਣ ਹੈ।
**3**ਅਸੀਂ ਨਹੀਂ ਚਾਹੁੰਦੇ ਕਿ ਲੋਕ ਸਾਡੇ ਕੰਮ ਵਿੱਚ ਕੋਈ ਨੁਕਸ
ਲੱਭ ਸਕਣ। ਇਸ ਲਈ ਅਸੀਂ ਅਜਿਹਾ ਕੁਝ ਨਹੀਂ ਕਰਦੇ ਜੋ
ਲੋਕਾਂ ਲਈ ਰੁਕਾਵਟਾਂ ਪਾਉਂਦਾ ਹੋਵੇ। **4**ਪਰ ਅਸੀਂ ਇਸ ਤਰ੍ਹਾਂ ਨਾਲ
ਇਹ ਦਰਸਾਉਂਦੇ ਹਾਂ ਕਿ ਅਸੀਂ ਪਰਮੇਸ਼ੁਰ ਦੇ ਸੇਵਕ ਹਾਂ; ਬਹੁਤ
ਸਾਰੀਆਂ ਸਖਤ ਗੱਲਾਂ ਵਿੱਚ ਦੁੱਖ ਪ੍ਰਵਾਨ ਕਰਨ ਵਿੱਚ ਤੇ ਮੁਸ਼ਕਲਾਂ
ਅਤੇ ਸਮੱਸਿਆਵਾਂ ਵਿੱਚ। **5**ਸਾਨੂੰ ਮਾਰਿਆ ਕੁੱਟਿਆ ਅਤੇ ਬੰਦੀ
ਬਣਾਇਆ ਜਾਂਦਾ ਹੈ। ਲੋਕ ਪਰੇਸ਼ਾਨ ਹੁੰਦੇ ਹਨ ਅਤੇ ਸਾਡੇ ਨਾਲ
ਲੜਦੇ ਹਨ। ਅਸੀਂ ਸਖਤ ਮਿਹਨਤ ਕਰਦੇ ਹਾਂ ਅਤੇ ਕਦੇ-ਕਦੇ ਅਸੀਂ
ਨੀਂਦ ਅਤੇ ਭੋਜਨ ਤੋਂ ਵਾਂਝੇ ਰਹਿ ਜਾਂਦੇ ਹਾਂ। **6**ਅਸੀਂ ਆਪਣੀ ਸਮਝ,
ਆਪਣੇ ਧੀਰਜ, ਆਪਣੀ ਮਿਹਰਬਾਨੀ ਅਤੇ ਆਪਣੇ ਸ਼ੁੱਧ ਜੀਵਨ
ਰਾਹੀਂ ਇਹ ਦਰਸਾਉਂਦੇ ਹਾਂ ਕਿ ਅਸੀਂ ਪਰਮੇਸ਼ੁਰ ਦੇ ਸੇਵਕ ਹਾਂ।
ਅਜਿਹਾ ਅਸੀਂ ਪਵਿੱਤਰ ਆਤਮਾ ਰਾਹੀਂ ਸੱਚੇ ਪ੍ਰੇਮ ਰਾਹੀਂ ਦਰਸਾਉਂਦੇ
ਹਾਂ। **7**ਸੱਚ ਬੋਲਕੇ ਅਤੇ ਪਰਮੇਸ਼ੁਰ ਦੀ ਸ਼ਕਤੀ ਰਾਹੀਂ ਅਸੀਂ ਆਪਣੇ
ਸਹੀ ਜੀਵਨ ਢੰਗ ਨੂੰ ਹਰ ਚੀਜ਼ ਦੇ ਖਿਲਾਫ਼ ਰੱਖਿਆ ਕਰਨ ਲਈ
ਵਰਤਦੇ ਹਾਂ।
**8**ਕੁਝ ਲੋਕ ਸਾਡਾ ਆਦਰ ਕਰਦੇ ਹਨ, ਪਰ ਦੂਸਰੇ ਲੋਕ ਸਾਡਾ
ਨਿਰਾਦਰ ਕਰਦੇ ਹਨ। ਕੁਝ ਲੋਕ ਸਾਡੇ ਬਾਰੇ ਭਲੀਆਂ ਗੱਲਾਂ ਕਹਿੰਦੇ
ਹਨ, ਦੂਸਰੇ ਲੋਕ ਬੁਰੀਆਂ ਗੱਲਾਂ ਬੋਲਦੇ ਹਨ। ਕੁਝ ਲੋਕ ਆਖਦੇ
ਹਨ ਕਿ ਅਸੀਂ ਝੂਠੇ ਹਾਂ ਪਰ ਅਸੀਂ ਸੱਚ ਬੋਲਦੇ ਹਾਂ। **9**ਕੁਝ ਲੋਕਾਂ
ਵੱਲੋਂ ਸਾਨੂੰ ਅਗਿਆਤ ਸਮਝਿਆ ਜਾਂਦਾ ਹੈ, ਜਦਕਿ ਅਸੀਂ ਚੰਗੀ

ਤਰ੍ਹਾਂ ਪ੍ਰਸਿੱਧ ਹਾਂ। ਸਾਨੂੰ ਮਰੇ ਹੋਏ ਕਰਾਰ ਦਿੱਤਾ ਗਿਆ, ਪਰ ਦੇਖੋ
ਅਸੀਂ ਜੀ ਰਹੇ ਹਾਂ। ਸਾਨੂੰ ਦੁੱਖ ਦਿੱਤੇ ਜਾਂਦੇ ਹਨ ਪਰ ਅਸੀਂ ਮਾਰੇ
ਨਹੀਂ ਗਏ। 10ਹਾਲਾਂ ਕਿ ਅਸੀਂ ਉਦਾਸ ਹਾਂ, ਪਰ ਅਸੀਂ ਹਮੇਸ਼ਾ
ਖੁਸ਼ ਹਾਂ। ਭਾਵੇਂ ਅਸੀਂ ਗਰੀਬ ਹਾਂ ਪਰ ਅਸੀਂ ਬਹੁਤ ਸਾਰੇ ਲੋਕਾਂ ਨੂੰ
ਅਮੀਰ ਬਣਾਉਂਦੇ ਹਾਂ। ਸਾਡੇ ਕੋਲ ਕੁਝ ਵੀ ਨਹੀਂ ਪਰ ਅਸਲ ਵਿੱਚ
ਸਾਡੇ ਕੋਲ ਸਭ ਕੁਝ ਹੈ।

11ਅਸੀਂ ਤੁਹਾਨੂੰ, ਕੁਰਿੰਥੁਸ ਦੇ ਲੋਕਾਂ ਨੂੰ ਸਪਸ਼ਟਤਾ ਨਾਲ ਸੰਬੋਧਨ
ਕੀਤਾ ਹੈ। ਅਸੀਂ ਤੁਹਾਡੇ ਅੱਗੇ ਆਪਣੇ ਹਿਰਦੇ ਖੋਲ੍ਹ ਦਿੱਤੇ ਹਨ।
12ਤੁਹਾਡੇ ਲਈ ਸਾਡਾ ਪ੍ਰੇਮ ਖਤਮ ਨਹੀਂ ਹੋਇਆ, ਪਰ ਤੁਸੀਂ ਸਾਡੇ
ਵੱਲ ਆਪਣਾ ਪਿਆਰ ਰੋਕ ਦਿੱਤਾ ਹੈ। 13ਮੈਂ ਤੁਹਾਡੇ ਨਾਲ ਗੱਲਾਂ ਕਰ
ਰਿਹਾ ਹਾਂ ਜਿਵੇਂ ਤੁਸੀਂ ਮੇਰੇ ਬੱਚੇ ਹੋਵੋ। ਉਵੇਂ ਹੀ ਕਰੋ ਜਿਵੇਂ ਅਸੀਂ ਕੀਤਾ
ਹੈ; ਆਪਣੇ ਹਿਰਦੇ ਵੀ ਖੋਲ੍ਹ ਦਿਓ।

## ਗੈਰ ਮਸੀਹੀਆਂ ਬਾਰੇ ਚੇਤਾਵਨੀ

14ਤੁਸੀਂ ਉਨ੍ਹਾਂ ਵਿਅਕਤੀਆਂ ਵਰਗੇ ਨਹੀਂ ਹੋ ਜਿਹੜੇ ਵਿਸ਼ਵਾਸ
ਨਹੀਂ ਰੱਖਦੇ। ਇਸ ਲਈ ਉਨ੍ਹਾਂ ਦੇ ਨਾਲ ਨਾ ਜੁੜੋ। ਭਲਿਆਈ
ਅਤੇ ਬੁਰਿਆਈ ਇਕੱਠੇ ਨਹੀਂ ਰਹਿ ਸਕਦੇ, ਚਾਨਣ ਅਤੇ ਹਨੇਰੇ ਦੀ
ਸੰਗਤ ਇਕੱਠਿਆਂ ਨਹੀਂ ਹੋ ਸਕਦੀ। 15ਕੀ ਮਸੀਹ ਅਤੇ ਬਲਿਆਲ
(ਸ਼ੈਤਾਨ) ਵਿੱਚ ਕੋਈ ਕਰਾਰ ਹੋ ਸਕਦਾ? ਇੱਕ ਵਿਸ਼ਵਾਸੀ ਅਤੇ
ਅਵਿਸ਼ਵਾਸੀ ਵਿੱਚ ਕੀ ਸਾਂਝ ਹੈ। 16ਪਰਮੇਸ਼ੁਰ ਦੇ ਮੰਦਰ ਅਤੇ
ਮੂਰਤਿਆਂ ਵਿਚਕਾਰ ਕੋਈ ਇਕਰਾਰਨਾਮਾ ਨਹੀਂ ਹੈ, ਅਤੇ ਅਸੀਂ
ਜੀਉਂਦੇ ਜਾਗਦੇ ਪਰਮੇਸ਼ੁਰ ਦਾ ਮੰਦਰ ਹਾਂ ਜਿਵੇਂ ਕਿ ਪਰਮੇਸ਼ੁਰ ਨੇ
ਕਿਹਾ ਹੈ;

"ਮੈਂ ਉਨ੍ਹਾਂ ਸੰਗ ਰਹਾਂਗਾ ਅਤੇ ਉਨ੍ਹਾਂ ਸੰਗ ਚਲਾਂ ਫਿਰਾਂਗਾ
ਮੈਂ ਉਨ੍ਹਾਂ ਦਾ ਪਰਮੇਸ਼ੁਰ ਹੋਵਾਂਗਾ ਅਤੇ ਉਹ ਮੇਰੇ ਲੋਕ
ਹੋਣਗੇ।" *ਲੇਵੀਆਂ 26:11–12*

17 "ਇਸ ਲਈ ਉਨ੍ਹਾਂ ਲੋਕਾਂ ਤੋਂ ਬਾਹਰ ਆ ਜਾਓ ਅਤੇ ਉਨ੍ਹਾਂ
ਤੋਂ ਅਲੱਗ ਹੋ ਜਾਓ। ਪ੍ਰਭੂ ਆਖਦਾ ਹੈ। ਕਿਸੇ ਵੀ ਅਸ਼ੁੱਧ
ਚੀਜ਼ ਨੂੰ ਨਾ ਛੂਹੋ, ਫ਼ੇਰ ਮੈਂ ਤੁਹਾਨੂੰ ਕਬੂਲ ਕਰ ਲਵਾਂਗਾ।"
*ਯਸਾਯਾਹ 52:11*

18 "ਮੈਂ ਤੁਹਾਡਾ ਪਿਤਾ ਹੋਵਾਂਗਾ ਅਤੇ ਤੁਸੀਂ ਮੇਰੇ ਪੁੱਤਰ ਅਤੇ
ਧੀਆਂ ਹੋਵੋਗੇ, ਇਹ ਸਰਬ-ਸ਼ਕਤੀਮਾਨ ਪ੍ਰਭੂ ਆਖਦਾ
ਹੈ।" *2 ਸਮੂਏਲ 7:8, 14*

**7** 1ਪਿਆਰੇ ਮਿੱਤਰੋ, ਸਾਡੇ ਕੋਲ ਇਹ ਵਾਅਦੇ ਹਨ। ਇਸ
ਲਈ ਸਾਨੂੰ ਆਪਣੇ ਆਪ ਨੂੰ ਹਰ ਚੀਜ਼ ਤੋਂ ਸ਼ੁੱਧ ਕਰ ਲੈਣਾ
ਚਾਹੀਦਾ ਹੈ ਜੋ ਸਾਡੇ ਸਰੀਰ ਜਾਂ ਆਤਮਾ ਨੂੰ ਅਸ਼ੁੱਧ ਬਣਾਉਂਦੀ ਹੈ।
ਸਾਨੂੰ ਆਪਣੇ ਜੀਵਨ ਢੰਗ ਵਿੱਚ ਸੰਪੂਰਣ ਹੋਣ ਦੀ ਕੋਸ਼ਿਸ਼ ਕਰਨੀ
ਚਾਹੀਦੀ ਹੈ, ਕਿਉਂਕਿ ਅਸੀਂ ਪਰਮੇਸ਼ੁਰ ਦਾ ਆਦਰ ਕਰਦੇ ਹਾਂ।

## ਪੌਲੁਸ ਦੀ ਖੁਸ਼ੀ

2ਸਾਡੇ ਲਈ ਆਪਣੇ ਦਿਲ ਖੋਲ੍ਹ ਦਿਓ। ਅਸੀਂ ਕਿਸੇ ਦਾ ਬੁਰਾ
ਨਹੀਂ ਕੀਤਾ। ਅਸੀਂ ਕਿਸੇ ਵਿਅਕਤੀ (ਦੇ ਵਿਸ਼ਵਾਸ) ਨੂੰ ਨਾਸ ਨਹੀਂ
ਕੀਤਾ, ਅਤੇ ਕਿਸ ਨੂੰ ਵੀ ਧੋਖਾ ਨਹੀਂ ਦਿੱਤਾ। 3ਇਹ ਗੱਲ ਮੈਂ ਤੁਹਾਨੂੰ
ਕਸੂਰਵਾਰ ਠਹਿਰਾਉਣ ਲਈ ਨਹੀਂ ਆਖ ਰਿਹਾ। ਮੈਂ ਪਹਿਲਾਂ ਹੀ
ਤੁਹਾਨੂੰ ਕਿਹਾ ਹੈ ਕਿ ਅਸੀਂ ਤੁਹਾਨੂੰ ਇੰਨਾ ਪਿਆਰ ਕਰਦੇ ਹਾਂ ਕਿ
ਤੁਹਾਡੇ ਲਈ ਜਿਉਣ ਦੇ ਇੱਛੁਕ ਹਾਂ ਅਤੇ ਇੱਥੋਂ ਤੱਕ ਕਿ ਤੁਹਾਡੇ ਨਾਲ
ਮਰਨ ਦੇ ਵੀ। 4ਮੈਨੂੰ ਤੁਹਾਡੇ ਉੱਪਰ ਪੂਰਾ ਭਰੋਸਾ ਹੈ। ਮੈਨੂੰ ਤੁਹਾਡੇ
ਉੱਪਰ ਬਹੁਤ ਮਾਣ ਹੈ। ਮੈਂ ਤੁਹਾਡੇ ਕੋਲੋਂ ਬਹੁਤ ਹੌਂਸਲਾ ਪ੍ਰਾਪਤ ਕੀਤਾ
ਹੈ ਅਤੇ ਮੈਂ ਆਪਣੇ ਸਾਰੇ ਦੁੱਖਾਂ ਵਿੱਚ ਬਹੁਤ ਖੁਸ਼ ਹਾਂ।

5ਜਦੋਂ ਅਸੀਂ ਮਕਦੂਨਿਯਾ ਵਿੱਚ ਆਏ ਸੀ ਤਾਂ ਸਾਨੂੰ ਕੋਈ ਅਰਾਮ
ਨਹੀਂ ਮਿਲਿਆ। ਸਾਨੂੰ ਸਾਰੇ ਪਾਸੇ ਔਕੜਾਂ ਦਿਖਾਈ ਦਿੰਦੀਆਂ
ਸਨ। ਸਾਡੇ ਬਾਹਰ ਲੜਾਈਆਂ ਸਨ ਅਤੇ ਸਾਡੇ ਅੰਦਰ ਡਰ। 6ਪਰ
ਪਰਮੇਸ਼ੁਰ ਅਧੀਨਾਂ ਨੂੰ ਦਿਲਾਸਾ ਦਿੰਦਾ ਹੈ ਅਤੇ ਪਰਮੇਸ਼ੁਰ ਨੇ ਤੀਤੁਸ
ਦੇ ਆਉਣ ਤੇ ਸਾਨੂੰ ਦਿਲਾਸਾ ਦਿੱਤਾ। 7ਉਸ ਦੇ ਆਉਣ ਕਰਕੇ ਸਾਨੂੰ
ਦਿਲਾਸਾ ਮਿਲਿਆ ਅਤੇ ਨਾਲੇ ਜਿਹੜਾ ਦਿਲਾਸਾ ਤੁਸੀਂ ਉਸ ਨੂੰ
ਦਿੱਤਾ, ਤੀਤੁਸ ਨੇ ਸਾਨੂੰ ਦੱਸਿਆ ਕਿ ਤੁਸੀਂ ਮੈਨੂੰ ਮਿਲਣਾ ਚਾਹੁੰਦੇ ਹੋ।
ਉਸ ਨੇ ਦੱਸਿਆ ਕਿ ਤੁਸੀਂ ਆਪਣੇ ਗਲਤ ਕੀਤੇ ਲਈ ਮਾਫ਼ੀ ਚਾਹੁੰਦੇ
ਸੀ। ਤੀਤੁਸ ਨੇ ਮੈਨੂੰ ਤੁਹਾਡੀ ਮੇਰੇ ਲਈ ਚਿੰਤਾ ਬਾਰੇ ਵੀ ਦੱਸਿਆ।
ਇਹ ਸੁਣ ਕੇ ਮੈਨੂੰ ਬਹੁਤ ਖੁਸ਼ੀ ਹੋਈ।

8ਹਾਲਾਂਕਿ ਮੈਂ ਤੁਹਾਨੂੰ ਆਪਣੀ ਚਿੱਠੀ ਰਾਹੀਂ ਉਦਾਸ ਕੀਤਾ ਹੈ,
ਪਰ ਮੈਨੂੰ ਇਸ ਵਾਸਤੇ ਕੋਈ ਖੇਦ ਨਹੀਂ। ਮੈਨੂੰ ਪਤਾ ਹੈ ਕਿ ਤੁਸੀਂ
ਮੇਰੀ ਚਿੱਠੀ ਰਾਹੀਂ ਉਦਾਸ ਹੋ ਗਏ ਅਤੇ ਇਸ ਲਈ ਦੁੱਖ ਮਹਿਸੂਸ
ਕੀਤਾ। ਪਰ ਇਸ ਨੇ ਤੁਹਾਨੂੰ ਬਹੁਤ ਥੋੜੇ ਚਿਰ ਲਈ ਉਦਾਸ ਕੀਤਾ।
9ਹੁਣ ਮੈਂ ਖੁਸ਼ ਹਾਂ। ਇਸ ਲਈ ਨਹੀਂ ਕਿ ਮੈਂ ਤੁਹਾਨੂੰ ਉਦਾਸੀ ਦੇਣ
ਦਾ ਕਾਰਣ ਬਣਿਆ ਹਾਂ, ਪਰ ਕਿਉਂ ਜੋ ਇਸ ਰਾਹੀਂ ਤੁਹਾਡੇ ਦਿਲ
ਬਦਲ ਗਏ ਹਨ। ਤੁਸੀਂ ਪਰਮੇਸ਼ੁਰ ਦੀ ਰਜ਼ਾ ਅਨੁਸਾਰ ਉਦਾਸੀ
ਨੂੰ ਲਿਆ। ਇਸ ਲਈ ਅਸੀਂ ਤੁਹਾਨੂੰ ਕਿਸੇ ਤਰ੍ਹਾਂ ਵੀ ਦੁੱਖ ਨਹੀਂ
ਪਹੁੰਚਾਇਆ। 10ਉਦਾਸੀ ਪਰਮੇਸ਼ੁਰ ਦੀ ਰਜ਼ਾ ਅਨੁਸਾਰ ਵਿਅਕਤੀ
ਨੂੰ ਆਪਣੇ ਹਿਰਦੇ ਅਤੇ ਜੀਵਨ ਨੂੰ ਤਬਦੀਲ ਕਰਾਉਂਦੀ ਹੈ। ਇਹ
ਵਿਅਕਤੀ ਨੂੰ ਮੁਕਤੀ ਵੱਲ ਲੈ ਜਾਂਦੀ ਹੈ, ਅਤੇ ਇਸ ਗੱਲ ਦਾ ਸਾਨੂੰ
ਕੋਈ ਦੁੱਖ ਨਹੀਂ ਹੋ ਸਕਦਾ। ਜਿਹੜੀ ਉਦਾਸੀ ਦੁਨੀਆ ਦਿੰਦੀ ਹੈ
ਉਹ ਲੋਕਾਂ ਲਈ ਮੌਤ ਲਿਆਉਂਦੀ ਹੈ। 11ਤੁਹਾਨੂੰ ਗਮ ਮਿਲਿਆ
ਜਿਹੜਾ ਪਰਮੇਸ਼ੁਰ ਚਾਹੁੰਦਾ ਸੀ। ਹੁਣ ਦੇਖੋ ਇਸ ਗਮ ਨੇ ਤੁਹਾਨੂੰ
ਕੀ ਦਿੱਤਾ ਹੈ। ਇਸ ਗਮ ਨੇ ਤੁਹਾਨੂੰ ਬਹੁਤ ਗੰਭੀਰ ਬਣਾਇਆ ਹੈ।
ਇਸ ਨੇ ਤੁਹਾਨੂੰ ਇਸ ਯੋਗ ਬਣਾਇਆ ਕਿ ਤੁਸੀਂ ਆਪਣੇ ਨਿਰਦੋਸ਼
ਹੋਣ ਦਾ ਪ੍ਰਮਾਣ ਦੇ ਸਕੋ। ਇਸ ਨੇ ਤੁਹਾਡੇ ਅੰਦਰ ਗੁੱਸਾ ਅਤੇ ਡਰ
ਪੈਦਾ ਕੀਤਾ। ਇਸ ਨੇ ਤੁਹਾਨੂੰ ਮੇਰੇ ਬਾਰੇ ਫ਼ਿਕਰਮੰਦ ਬਣਾਇਆ।
ਇਸ ਨੇ ਤੁਹਾਡੇ ਅੰਦਰ ਨਿਆਂ ਦੇਣ ਦੀ ਇੱਛਾ ਨੂੰ ਪੈਦਾ ਕੀਤਾ ਹੈ।
ਤੁਸੀਂ ਇਸ ਗੱਲ ਦਾ ਪ੍ਰਮਾਣ ਦੇ ਦਿੱਤਾ ਹੈ ਕਿ ਤੁਸੀਂ ਉਸ ਸਮੱਸਿਆ
ਬਾਰੇ ਕਿਸੇ ਵੀ ਪੱਖੋਂ ਪਾਪੀ ਨਹੀਂ ਸੀ। ਮੈਂ ਇਹ ਪੱਤਰ ਗਲਤ ਕੰਮ
ਲਈ ਨਹੀਂ ਲਿਖਿਆ ਅਤੇ ਨਾ ਹੀ ਉਸ ਲਈ ਜਿਸ ਨੂੰ ਸਦਮਾ
ਲੱਗਿਆ। 12ਪਰ ਮੈਂ ਇਹ ਪੱਤਰ ਤੁਹਾਨੂੰ ਇਸ ਲਈ ਲਿਖਿਆ ਸੀ
ਕਿ ਤੁਸੀਂ ਪਰਮੇਸ਼ੁਰ ਦੇ ਸਨਮੁੱਖ ਇਹ ਦੇਖ ਸਕੋ ਕਿ ਤੁਹਾਨੂੰ ਸਾਡੀ
ਕਿੰਨੀ ਪਰਵਾਹ ਹੈ। 13ਇਹੀ ਕਾਰਣ ਹੈ ਕਿ ਸਾਨੂੰ ਸੁੱਖ ਮਿਲਿਆ।

ਸਾਨੂੰ ਇਹ ਗੱਲ ਦੀ ਹੋਰ ਵੀ ਖੁਸ਼ੀ ਹੋਈ ਕਿ ਤੀਤੁਸ ਇੰਨਾ ਖੁਸ਼
ਪਾਇਆ ਗਿਆ ਸੀ। ਤੁਸੀਂ ਸਾਰਿਆਂ ਨੇ ਉਸ ਨੂੰ ਬਹੁਤ ਸੁੱਖ ਦਿੱਤਾ।
14ਮੈਂ ਤੀਤੁਸ ਨੂੰ ਤੁਹਾਡੇ ਬਾਰੇ ਅਭਿਮਾਨ ਜਤਾਇਆ ਸੀ। ਅਤੇ ਤੁਸੀਂ
ਇਹ ਦਰਸ਼ਾ ਦਿੱਤਾ ਕਿ ਮੈਂ ਠੀਕ ਸੀ। ਅਸੀਂ ਸਾਰਿਆਂ ਨੇ ਜੋ ਕੁਝ ਵੀ
ਤੁਹਾਨੂੰ ਆਖਿਆ ਉਹ ਸੱਚ ਸੀ ਅਤੇ ਤੁਸੀਂ ਇਸ ਗੱਲ ਦਾ ਸਬੂਤ
ਦੇ ਦਿੱਤਾ ਹੈ। ਕਿ ਜਿਨ੍ਹਾਂ ਗੱਲਾਂ ਬਾਰੇ ਅਸੀਂ ਤੀਤੁਸ ਨੂੰ ਅਭਿਮਾਨ
ਜਤਾਇਆ ਸੀ ਉਹ ਠੀਕ ਸਨ। 15ਜਦੋਂ ਵੀ ਉਹ ਯਾਦ ਕਰਦਾ ਹੈ

ਕਿ ਤੁਸੀਂ ਸਾਰੇ ਉਸ ਨੂੰ ਮੰਨਣ ਲਈ ਤਿਆਰ ਸੀ ਤੁਹਾਡੇ ਵੱਲ ਉਸ
ਦਾ ਪਿਆਰ ਵਧਦਾ ਜਾਂਦਾ ਹੈ। ਤੁਸੀਂ ਉਸ ਨੂੰ ਆਦਰ ਅਤੇ ਡੈ ਨਾਲ
ਜੀ ਆਇਆਂ ਆਖਿਆ ਸੀ **16**ਮੈਂ ਬਹੁਤ ਖੁਸ਼ ਹਾਂ ਕਿ ਮੈਂ ਤੁਹਾਡੇ ਤੇ
ਪੂਰਾ ਭਰੋਸਾ ਕਰ ਸਕਦਾ ਹਾਂ।

### ਨਿਹਚਾਵਾਨਾਂ ਵੱਲੋਂ ਦਾਨ

**8** **1**ਹੁਣ ਭਰਾਵੋ ਅਤੇ ਭੈਣੋ, ਮੈਂ ਇਹ ਚਾਹੁੰਦਾ ਹਾਂ ਕਿ ਤੁਸੀਂ ਉਸ
ਕਿਰਪਾ ਬਾਰੇ ਜਾਣ ਲਵੋ ਜਿਹੜੀ ਪਰਮੇਸ਼ੁਰ ਨੇ ਮਕਦੂਨਿਯਾ
ਦੀਆਂ ਕਲੀਸਿਯਾਂ ਨੂੰ ਪ੍ਰਦਾਨ ਕੀਤੀ ਸੀ। **2**ਉਨ੍ਹਾਂ ਵਿਸ਼ਵਾਸੀਆਂ
ਨੂੰ ਵੱਡੀਆਂ ਔਕੜਾਂ ਰਾਹੀਂ ਪਰਖਿਆ ਗਿਆ ਸੀ ਅਤੇ ਉਹ ਬਹੁਤ
ਗਰੀਬ ਸਨ। ਪਰ ਉਨ੍ਹਾਂ ਨੇ ਆਪਣੀ ਅਥਾਹ ਖੁਸ਼ੀ ਤੋਂ ਬਹੁਤ ਕੁਝ
ਦਿੱਤਾ। **3**ਮੈਂ ਤੁਹਾਨੂੰ ਕਹਿ ਸਕਦਾ ਹਾਂ ਕਿ ਉਹ ਜਿੰਨਾ ਕਰਨ ਦੇ ਯੋਗ
ਸਨ ਉਨ੍ਹਾਂ ਨੇ ਬਹੁਤ ਕੁਝ ਕੀਤਾ। ਉਨ੍ਹਾਂ ਵਿਸ਼ਵਾਸੀਆਂ ਨੇ ਆਪਣੇ
ਵਿਤ ਨਾਲੋਂ ਵੀ ਵੱਧ ਦਿੱਤਾ ਇਹ ਗੱਲ ਉਨ੍ਹਾਂ ਖੁੱਲ੍ਹ-ਦਿਲੀ ਨਾਲ
ਕੀਤੀ। ਕਿਸੇ ਵਿਅਕਤੀ ਨੇ ਉਨ੍ਹਾਂ ਨੂੰ ਅਜਿਹਾ ਕਰਨ ਲਈ ਨਹੀਂ
ਆਖਿਆ। **4**ਉਹ ਸਾਨੂੰ ਬੇਨਤੀ ਕਰ ਰਹੇ ਸਨ ਅਤੇ ਬਾਰ ਬਾਰ ਪੁੱਛ
ਰਹੇ ਸਨ ਕਿ ਉਹ ਵੀ ਪਰਮੇਸ਼ੁਰ ਦੇ ਲੋਕਾਂ ਦੀ ਇਸ ਉਦਾਰ ਸੇਵਾ
ਵਿੱਚ ਸ਼ਰੀਕ ਹੋ ਸਕਣ। **5**ਅਤੇ ਉਨ੍ਹਾਂ ਨੇ ਇਸ ਤਰ੍ਹਾਂ ਦਿੱਤਾ ਜਿਸ
ਦੀ ਸਾਨੂੰ ਆਸ ਤੱਕ ਨਹੀਂ ਸੀ। ਉਨ੍ਹਾਂ ਨੇ ਆਪਣਾ ਧਨ ਦੇਣ ਤੋਂ ਵੀ
ਪਹਿਲਾਂ ਆਪਣੇ ਆਪ ਨੂੰ ਪ੍ਰਭੂ ਦੇ ਅਤੇ ਸਾਡੇ ਨਮਿੱਤ ਸਮਰਪਿਤ ਕਰ
ਦਿੱਤਾ। ਇਹੀ ਗੱਲ ਹੈ ਜੋ ਪਰਮੇਸ਼ੁਰ ਚਾਹੁੰਦਾ ਹੈ।

**6**ਇਸ ਲਈ ਅਸੀਂ ਤੀਤੁਸ ਨੂੰ ਕਿਰਪਾ ਦੇ ਇਸ ਵਿਸ਼ੇਸ਼ ਕੰਮ ਵਿੱਚ
ਤੁਹਾਡੀ ਸਹਾਇਤਾ ਕਰਨ ਲਈ ਕਿਹਾ। ਤੀਤੁਸ ਉਹ ਵਿਅਕਤੀ ਹੈ
ਜਿਸ ਨੇ ਇਹ ਕੰਮ ਆਰੰਭ ਕੀਤਾ। **7**ਤੁਸੀਂ ਹਰ ਚੀਜ਼ ਵਿੱਚ ਅਮੀਰ
ਹੋ-ਵਿਸ਼ਵਾਸ ਵਿੱਚ, ਬੋਲਚਾਲ ਵਿੱਚ, ਗਿਆਨ ਵਿੱਚ, ਸਹਾਇਤਾ
ਕਰਨ ਦੀ ਉਤਸੁਕਤਾ ਵਿੱਚ ਅਤੇ ਉਸ ਪਿਆਰ ਵਿੱਚ ਜਿਹੜਾ ਤੁਸੀਂ
ਸਾਡੇ ਕੋਲੋਂ ਸਿੱਖਿਆ। ਇਸ ਲਈ ਅਸੀਂ ਚਾਹੁੰਦੇ ਹਾਂ ਕਿ ਤੁਸੀਂ ਦਾਨ
ਦੀ ਇਸ ਦਾਤ ਵਿੱਚ ਵੀ ਅਮੀਰ ਹੋਵੋ।

**8**ਮੈਂ ਤੁਹਾਨੂੰ ਦਾਨ ਦੇਣ ਦਾ ਹੁਕਮ ਨਹੀਂ ਦੇ ਰਿਹਾ। ਪਰ ਮੈਂ ਇਹ
ਦੇਖਣਾ ਚਾਹੁੰਦਾ ਹਾਂ ਕਿ ਤੁਹਾਡਾ ਪ੍ਰੇਮ ਸੱਚਾ ਹੈ ਕਿ ਨਹੀਂ। ਅਜਿਹਾ ਮੈਂ
ਤੁਹਾਨੂੰ ਇਹ ਦਰਸਾਉਣ ਲਈ ਕਰਦਾ ਹਾਂ ਕਿ ਹੋਰ ਲੋਕ ਵੀ ਸੱਚਮੁੱਚ
ਸਹਾਇਤਾ ਕਰਨਾ ਚਾਹੁੰਦੇ ਹਨ। **9**ਤੁਹਾਨੂੰ ਸਾਡੇ ਪ੍ਰਭੂ ਯਿਸੂ ਮਸੀਹ
ਦੀ ਕਿਰਪਾ ਬਾਰੇ ਤਾਂ ਪਤਾ ਹੀ ਹੈ। ਤੁਸੀਂ ਜਾਣਦੇ ਹੋ ਕਿ ਮਸੀਹ
ਅਮੀਰ ਸੀ, ਪਰ ਤੁਹਾਡੇ ਲਈ ਉਹ ਗਰੀਬ ਬਣ ਗਿਆ। ਮਸੀਹ
ਨੇ ਅਜਿਹਾ ਇਸ ਵਾਸਤੇ ਕੀਤਾ ਤਾਂ ਜੋ ਤੁਸੀਂ ਉਸ ਦੇ ਗਰੀਬ ਬਣ
ਜਾਣ ਨਾਲ ਅਮੀਰ ਬਣ ਜਾਓ।

**10**ਮੈਂ ਸੋਚਦਾ ਹਾਂ ਕਿ ਤੁਹਾਨੂੰ ਇਹ ਕਰਨਾ ਚਾਹੀਦਾ ਹੈ। ਅਤੇ
ਕਿਉਂ ਜੋ ਮੈਨੂੰ ਵਿਸ਼ਵਾਸ ਹੈ ਕਿ ਇਹ ਤੁਹਾਡੇ ਲਈ ਚੰਗਾ ਹੈ, ਮੈਂ
ਇਹ ਦੱਸਦਾ ਹਾਂ; ਪਿਛਲੇ ਸਾਲ ਤੁਸੀਂ ਪਹਿਲੇ ਲੋਕੀਂ ਸੀ ਜੋ ਦੇਣ
ਲਈ ਅਗਾਂਹ ਆਏ ਅਤੇ ਤੁਸੀਂ ਦੇਣ ਵਾਲੇ ਪਹਿਲੇ ਲੋਕੀਂ ਸੀ।
**11**ਇਸ ਲਈ ਹੁਣ ਇਹ ਕੰਮ ਜਿਹੜਾ ਤੁਸੀਂ ਸ਼ੁਰੂ ਕੀਤਾ ਹੈ, ਪੂਰਾ
ਕਰ ਲਵੋ। ਫ਼ੇਰ ਤੁਹਾਡੀ “ਕਰਨੀ” ਤੁਹਾਡੀ “ਕਰਨੀ ਦੀ ਇੱਛਾ” ਦੇ
ਬਰਾਬਰ ਹੋਵੇਗੀ। ਜੋ ਕੁਝ ਤੁਹਾਡੇ ਕੋਲ ਹੈ ਉਸ ਵਿੱਚੋਂ ਦੇਵੋ। **12**ਜੇ
ਤੁਸੀਂ ਦੇਣਾ ਚਾਹੁੰਦੇ ਹੋ ਤੁਹਾਡਾ ਦਾਨ ਸਵੀਕਾਰ ਹੋ ਜਾਵੇਗਾ। ਤੁਹਾਡਾ
ਦਾਨ ਇਸ ਪੱਖੋਂ ਸਵੀਕਾਰ ਹੋਵੇਗਾ ਕਿ ਤੁਹਾਡੇ ਕੋਲ ਕੀ ਹੈ ਨਾ ਕਿ
ਉਸ ਪੱਖੋਂ ਕਿ ਤੁਹਾਡੇ ਕੋਲ ਕੀ ਨਹੀਂ ਹੈ। **13**ਅਸੀਂ ਤੁਹਾਨੂੰ ਮੁਸੀਬਤਾਂ
ਵਿੱਚ ਨਹੀਂ ਵੇਖਣਾ ਚਾਹੁੰਦੇ ਜਦੋਂ ਦੂਸਰੇ ਆਪਣੀਆਂ ਮੁਸੀਬਤਾਂ ਤੋਂ
ਮੁਕਤ ਹਨ। ਅਸੀਂ ਹਰ ਚੀਜ਼ ਦੀ ਬਰਾਬਰੀ ਚਾਹੁੰਦੇ ਹਾਂ। **14**ਇਸ
ਵਕਤ ਤੁਹਾਡੇ ਕੋਲ ਬਹੁਤ ਕੁਝ ਹੈ। ਜਿਹੜੀਆਂ ਚੀਜ਼ਾਂ ਤੁਹਾਡੇ ਕੋਲ
ਹਨ ਹੋਰਨਾਂ ਲੋਕਾਂ ਦੀਆਂ ਲੋੜਾਂ ਨੂੰ ਪੂਰੀਆਂ ਕਰਨ ਵਿੱਚ ਸਹਾਇਤਾ
ਕਰ ਸਕਦੀਆਂ ਹਨ। ਫ਼ੇਰ ਮਗਰੋਂ ਜਦੋਂ ਉਨ੍ਹਾਂ ਦੇ ਕੋਲ ਬਹੁਤ ਕੁਝ
ਹੋਵੇਗਾ ਤਾਂ ਉਹ ਤੁਹਾਡੀਆਂ ਲੋੜਾਂ ਪੂਰੀਆਂ ਕਰਨ ਵਿੱਚ ਸਹਾਇਤਾ
ਕਰ ਸਕਦੇ ਹਨ। ਫ਼ੇਰ ਸਾਰੇ ਬਰਾਬਰ ਹੋ ਜਾਣਗੇ। **15**ਜਿਵੇਂ ਕਿ
ਪੋਥੀਆਂ ਵਿੱਚ ਲਿਖਿਆ ਹੈ,

> “ਜਿਸ ਵਿਅਕਤੀ ਨੇ ਬਹੁਤਾ ਇਕੱਠਾ ਕੀਤਾ, ਉਸ ਕੋਲ
> ਕੁਝ ਵੀ ਵਾਧੂ ਨਹੀਂ ਸੀ ਅਤੇ ਜਿਸ ਵਿਅਕਤੀ ਨੇ ਥੋੜਾ
> ਇਕੱਠਾ ਕੀਤਾ ਉਸ ਕੋਲ ਥੋੜਾ ਨਹੀਂ ਸੀ।” *ਕੂਚ 16:18*

### ਤੀਤੁਸ ਤੇ ਉਸ ਦੇ ਸੰਗੀ

**16**ਮੈਂ ਪਰਮੇਸ਼ੁਰ ਦਾ ਧੰਨਵਾਦ ਕਰਦਾ ਹਾਂ ਕਿ ਉਸ ਨੇ ਤੀਤੁਸ ਦਿਲ
ਵਿੱਚ ਤੁਹਾਡੇ ਲਈ ਉਹੀ ਪਿਆਰ ਪਾਇਆ ਜੋ ਮੈਨੂੰ ਤੁਹਾਡੇ ਲਈ
ਹੈ। **17**ਤੀਤੁਸ ਨੇ ਉਨ੍ਹਾਂ ਚੀਜ਼ਾਂ ਨੂੰ ਹੀ ਪ੍ਰਵਾਨ ਕੀਤਾ ਜਿਨ੍ਹਾਂ ਬਾਰੇ
ਅਸੀਂ ਉਸ ਨੂੰ ਕਰਨ ਲਈ ਆਖਿਆ ਸੀ। ਉਹ ਤੁਹਾਡੇ ਕੋਲ ਜਾਣ
ਲਈ ਬਹੁਤ ਚਾਹਵਾਨ ਸੀ। ਇਹ ਉਸ ਦੀ ਆਪਣੀ ਪਸੰਦ ਸੀ।
**18**ਅਸੀਂ ਤੀਤੁਸ ਦੇ ਨਾਲ ਉਸ ਭਰਾ ਨੂੰ ਘੱਲ ਰਹੇ ਹਾਂ ਜਿਸ ਦੀ ਸਾਰੀ
ਕਲੀਸਿਯਾ ਉਸਤਤ ਕਰਦੀ ਹੈ ਇਸ ਭਰਾ ਦੀ ਵਡਿਆਈ ਉਸ ਦੇ
ਖੁਸ਼ਖਬਰੀ ਨੂੰ ਫ਼ੈਲਾਉਣ ਦੀ ਸੇਵਾ ਲਈ ਹੈ। **19**ਅਤੇ ਕਲੀਸਿਯਾ ਨੇ
ਵੀ ਇਸ ਭਰਾ ਨੂੰ ਸਾਡਾ ਸਾਥ ਦੇਣ ਲਈ ਚੁਣਿਆ ਜਦੋਂ ਅਸੀਂ ਇਹ
ਦਾਤ ਚੁੱਕਣੀ ਹੈ। ਅਸੀਂ ਇਹ ਸੇਵਾ ਪ੍ਰਭੂ ਦੀ ਮਹਿਮਾ ਲਈ ਕਰ ਰਹੇ
ਹਾਂ ਅਤੇ ਇਹ ਦਰਸਾਉਣ ਲਈ ਵੀ ਕਿ ਅਸੀਂ ਸੱਚਮੁੱਚ ਸਹਾਇਤਾ
ਕਰਨਾ ਚਾਹੁੰਦੇ ਹਾਂ।

**20**ਅਸੀਂ ਸਾਵਧਾਨ ਹਾਂ ਤਾਂ ਜੋ ਅਸੀਂ ਜਿਸ ਢੰਗ ਨਾਲ ਧਨ ਦੀ
ਇੰਡੀ ਵੱਡੀ ਰਕਮ ਦੀ ਦੇਖ ਭਾਲ ਕਰਦੇ ਹਾਂ, ਕੋਈ ਵੀ ਕਸੂਰ ਨਾ ਕੱਢ
ਸਕੇ। **21**ਅਸੀਂ ਓਹੋ ਕੁਝ ਕਰਨ ਦੀ ਕੋਸ਼ਿਸ਼ ਕਰ ਰਹੇ ਹਾਂ ਜੋ ਉਚਿਤ
ਹੈ। ਅਸੀਂ ਓਹੋ ਕੁਝ ਕਰਨਾ ਚਾਹੁੰਦੇ ਹਾਂ ਜਿਸ ਨੂੰ ਪ੍ਰਭੂ ਸਹੀ ਪ੍ਰਵਾਨ
ਕਰਦਾ ਹੈ, ਅਤੇ ਨਾਲੇ ਜਿਸ ਨੂੰ ਲੋਕ ਸਹੀ ਸਮਝਦੇ ਹਨ।

**22**ਨਾਲੇ, ਅਸੀਂ ਉਨ੍ਹਾਂ ਦੇ ਨਾਲ ਆਪਣੇ ਉਸ ਭਰਾ ਨੂੰ ਵੀ ਘੱਲ ਰਹੇ
ਹਾਂ ਜੋ ਕਿ ਹਮੇਸ਼ਾ ਸਹਾਇਤਾ ਕਰਨ ਲਈ ਤਿਆਰ ਰਹਿੰਦਾ ਹੈ। ਉਸ
ਨੇ ਇਹ ਕਈਆਂ ਅਵਸਰਾਂ ਤੇ ਸਾਬਤ ਕਰ ਦਿੱਤਾ ਸੀ ਅਤੇ ਹੁਣ ਤਾਂ
ਉਹ ਹੋਰ ਵੀ ਵਧੇਰੇ ਸਹਾਇਤਾ ਕਰਨਾ ਚਾਹੁੰਦਾ ਹੈ ਕਿਉਂਕਿ ਉਸ ਦਾ
ਤੁਹਾਡੇ ਵਿੱਚ ਬਹੁਤ ਵਿਸ਼ਵਾਸ ਹੈ।

**23**ਹੁਣ ਤੀਤੁਸ ਬਾਰੇ-ਉਹ ਮੇਰਾ ਭਾਈਵਾਲ ਹੈ। ਤੁਹਾਡੀ
ਸਹਾਇਤਾ ਕਰਨ ਵਿੱਚ ਉਹ ਮੇਰੇ ਨਾਲ ਕੰਮ ਕਰ ਰਿਹਾ ਹੈ ਅਤੇ ਹੋਰਾਂ
ਭਰਾਵਾਂ ਬਾਰੇ ਉਨ੍ਹਾਂ ਨੂੰ ਕਲੀਸਿਯਾ ਵੱਲੋਂ ਘੱਲਿਆ ਗਿਆ ਹੈ, ਅਤੇ
ਉਹ ਮਸੀਹ ਨੂੰ ਮਹਿਮਾ ਦਿੰਦੇ ਹਨ। **24**ਇਸ ਲਈ, ਇਨ੍ਹਾਂ ਲੋਕਾਂ
ਨੂੰ ਦਿਖਾਓ ਕਿ ਤੁਹਾਨੂੰ ਪ੍ਰੇਮ ਹੈ। ਉਨ੍ਹਾਂ ਨੂੰ ਇਹ ਦਰਸਾ ਦਿਓ ਅਸੀਂ
ਤੁਹਾਡੇ ਉੱਪਰ ਕਿਉਂ ਮਾਣ ਕਰਦੇ ਹਾਂ ਫ਼ੇਰ ਸਾਰੀ ਕਲੀਸਿਯਾ ਇਸ
ਨੂੰ ਦੇਖ ਸਕੇਗੀ।

### ਸਾਥੀ ਮਸੀਹੀਆਂ ਦੀ ਸਹਾਇਤਾ ਕਰੋ

**9** **1**ਅਸਲ ਵਿੱਚ, ਤੁਹਾਨੂੰ ਪਰਮੇਸ਼ੁਰ ਦੇ ਲੋਕਾਂ ਦੀ ਇਸ ਮਦਦ
ਬਾਰੇ ਲਿਖਣ ਦੀ ਮੈਨੂੰ ਕੋਈ ਜ਼ਰੂਰਤ ਨਹੀਂ। **2**ਮੈਂ ਜਾਣਦਾ
ਹਾਂ ਕਿ ਤੁਸੀਂ ਮੇਰੀ ਸਹਾਇਤਾ ਕਰਨੀ ਚਾਹੁੰਦੇ ਹੋ। ਇਸ ਬਾਰੇ ਮੈਂ
ਮਕਦੂਨਿਯਾ ਦੇ ਲੋਕਾਂ ਨੂੰ ਮਾਣ ਨਾਲ ਕਹਿੰਦਾ ਰਿਹਾ ਹਾਂ। ਮੈਂ ਉਨ੍ਹਾਂ

ਨੂੰ ਦੱਸ ਦਿੱਤਾ ਹੈ ਕਿ ਤੁਸੀਂ ਅਖਾਯਾ ਦੇ ਲੋਕ ਪਿਛਲੇ ਵਰ੍ਹੇ ਤੋਂ ਹੀ
ਦਾਨ ਦੇਣ ਲਈ ਤਿਆਰ ਸੀ ਅਤੇ ਤੁਹਾਡੀ ਦੇਣ ਦੀ ਇਸ ਇੱਛਾ ਨੇ
ਹੋਰ ਬਹੁਤ ਸਾਰੇ ਲੋਕਾਂ ਵਿੱਚ ਵੀ ਦੇਣ ਦੀ ਇੱਛਾ ਨੂੰ ਪੈਦਾ ਕੀਤਾ ਹੈ।
**3**ਪਰ ਮੈਂ ਤੁਹਾਡੇ ਵੱਲ ਭਰਾਵਾਂ ਨੂੰ ਘੱਲ ਰਿਹਾ ਹਾਂ। ਮੈਂ ਨਹੀਂ ਚਾਹੁੰਦਾ
ਕਿ ਇਸ ਮਾਮਲੇ ਸੰਬੰਧੀ ਤੁਹਾਡੇ ਬਾਰੇ ਮੇਰਾ ਇਹ ਘਮੰਡ ਵਿਅਰਥ
ਜਾਵੇ। ਮੈਂ ਚਾਹੁੰਦਾ ਹਾਂ ਕਿ ਤੁਸੀਂ ਉਸੇ ਤਰ੍ਹਾਂ ਤਿਆਰ ਰਹੋ ਜਿਵੇਂ ਮੈਂ
ਤੁਹਾਡੇ ਬਾਰੇ ਕਿਹਾ ਸੀ। **4**ਜੇ ਮਕਦੂਨਿਯਾ ਤੋਂ ਕੋਈ ਲੋਕ ਮੇਰੇ ਨਾਲ
ਆਉਂਦੇ ਹਨ ਤੇ ਉਨ੍ਹਾਂ ਨੂੰ ਪਤਾ ਲੱਗਦਾ ਹੈ ਕਿ ਤੁਸੀਂ ਇਸ ਬਾਰੇ
ਤਿਆਰ ਨਹੀਂ ਹੋ ਤਾਂ ਇਹ ਸਾਡਾ ਅਪਮਾਨ ਹੋਵੇਗਾ। ਅਸੀਂ ਇਸ
ਗੱਲੋਂ ਸ਼ਰਮਿੰਦੇ ਹੋਵਾਂਗੇ ਕਿ ਅਸੀਂ ਤੁਹਾਡੇ ਬਾਰੇ ਇੰਨੇ ਭਰੋਸੇਮੰਦ ਸਾਂ।
ਆਖਣ ਦੀ ਲੋੜ ਨਹੀਂ ਕਿ ਤੁਸੀਂ ਵੀ ਸ਼ਰਮਿੰਦਾ ਹੋਵੋਗੇ। **5**ਇਸ
ਲਈ ਮੈਂ ਇਹ ਸੋਚਿਆ ਕਿ ਮੈਨੂੰ ਭਰਾਵਾਂ ਨੂੰ ਇਹ ਕਹਿਣਾ ਚਾਹੀਦਾ ਹੈ
ਕਿ ਉਹ ਸਾਥੋਂ ਪਹਿਲਾਂ ਤੁਹਾਡੇ ਕੋਲ ਜਾਣ ਅਤੇ ਉਸ ਦਾਨ ਨੂੰ ਜਿਹਦਾ
ਤੁਸੀਂ ਦੇਣ ਦਾ ਵਾਇਦਾ ਕੀਤਾ ਹੈ ਇਕੱਠਾ ਕਰਨ ਵਿੱਚ ਮਦਦ ਕਰਨ।
ਫ਼ੇਰ ਜਦੋ ਅਸੀਂ ਆਵਾਂਗੇ ਤਾਂ ਉਹ ਦਾਨ ਤਿਆਰ ਹੋਵਗਾ ਜਿਹੜਾ
ਤੁਸੀਂ ਦੇਣਾ ਚਾਹੁੰਦੇ ਸੀ। ਫ਼ੇਰ ਇਹ ਦਾਨ ਇੱਕ ਸਵੈ-ਇੱਛਿਤ ਦਾਨ
ਹੋਵੇਗਾ ਨਾ ਕਿ ਅਣ-ਇੱਛਿਤ।

**6**ਇਹ ਯਾਦ ਰੱਖੋ: ਜਿਹੜਾ ਵਿਅਕਤੀ ਥੋੜ੍ਹਾ ਬੀਜਦਾ ਹੈ ਉਹ
ਥੋੜ੍ਹਾ ਵੱਢੇਗਾ। ਪਰ ਜਿਹੜਾ ਬਹੁਤਾ ਬੀਜਦਾ ਹੈ ਉਹ ਵੱਢੇਗਾ। **7**ਹਰ
ਆਦਮੀ ਨੂੰ ਉਹੀ ਦੇਣਾ ਚਾਹੀਦਾ ਹੈ ਜੋ ਕੁਝ ਵੀ ਉਸ ਨੇ ਆਪਣੇ ਦਿਲ
ਵਿੱਚ ਨਿਸ਼ਚਿਤ ਕੀਤਾ ਹੈ। ਕਿਸੇ ਨੂੰ ਵੀ ਉਦਾਸੀ ਨਾਲ ਨਹੀਂ ਦੇਣਾ
ਚਾਹੀਦਾ। ਪਰਮੇਸ਼ੁਰ ਉਸੇ ਨੂੰ ਪਿਆਰ ਕਰਦਾ ਹੈ ਜੋ ਪਿਆਰ ਨਾਲ
ਦਿੰਦਾ ਹੈ। **8**ਤੇ ਪਰਮੇਸ਼ੁਰ ਤੁਹਾਨੂੰ ਤੁਹਾਡੀ ਲੋੜਾਂ ਨਾਲੋਂ ਵੱਧ ਅਸੀਸਾਂ
ਦੇ ਸਕਦਾ ਹੈ। ਜਦੋਂ ਤੁਹਾਡੇ ਕੋਲ ਹਮੇਸ਼ਾ ਹਰ ਚੀਜ਼ ਦੀ ਬਹੁਤਾਤ
ਹੋਵੇਗੀ। ਤੁਹਾਡੇ ਕੋਲ ਹਰ ਚੰਗੇ ਕੰਮ ਲਈ ਦੇਣ ਲਈ ਕਾਫ਼ੀ ਕੁਝ
ਹੋਵੇਗਾ। **9**ਇਹ ਧਰਮ ਪੁਸਤਕ ਵਿੱਚ ਲਿਖਿਆ ਹੈ,

> "ਉਹ ਗਰੀਬਾਂ ਨੂੰ ਵੱਡੇ ਦਿਲ ਨਾਲ ਦਿੰਦਾ ਹੈ, ਉਸ ਦੀ
> ਭਲਾਈ ਸਦਾ ਬਣੀ ਰਹਿੰਦੀ ਹੈ।" *ਜ਼ਬੂਰ 112:9*

**10**ਪਰਮੇਸ਼ੁਰ ਹੀ ਹੈ ਜਿਹੜਾ ਬੀਜਣ ਵਾਲੇ ਨੂੰ ਬੀਜ ਪ੍ਰਦਾਨ ਕਰਦਾ ਹੈ
ਅਤੇ ਭੋਜਨ ਲਈ ਰੋਟੀ ਦਿੰਦਾ ਹੈ, ਅਤੇ ਪਰਮੇਸ਼ੁਰ ਤੁਹਾਨੂੰ ਆਤਮਕ
ਬੀਜ ਦੇਵੇਗਾ ਅਤੇ ਉਹ ਇਸ ਨੂੰ ਉਗਾਵੇਗਾ। ਉਹ ਤੁਹਾਡੀ
ਭਲਿਆਈ ਵਿੱਚੋਂ ਵੱਡੀ ਫ਼ਸਲ ਵੱਢੇਗਾ। **11**ਪਰਮੇਸ਼ੁਰ ਤੁਹਾਨੂੰ ਹਰ
ਤਰ੍ਹਾਂ ਨਾਲ ਅਮੀਰ ਬਣਾਵੇਗਾ ਤਾਂ ਜੋ ਤੁਸੀਂ ਹਮੇਸ਼ਾ ਉਦਾਰਤਾ ਨਾਲ
ਦਾਨ ਕਰ ਸਕੋ। ਅਤੇ ਸਾਡੇ ਰਾਹੀਂ ਤੁਹਾਡਾ ਦਿੱਤਾ ਹੋਇਆ ਦਾਨ ਲੋਕਾਂ
ਨੂੰ ਪਰਮੇਸ਼ੁਰ ਦਾ ਧੰਨਵਾਦੀ ਬਣਾਵੇਗਾ।

**12**ਜਿਹੜਾ ਚੰਦਾ ਤੁਸੀਂ ਇਸ ਸੇਵਾ ਲਈ ਦਿੰਦੇ ਹੋ ਉਹ ਪਰਮੇਸ਼ੁਰ
ਦੇ ਲੋਕਾਂ ਦੀਆਂ ਲੋੜਾਂ ਵਿੱਚ ਮਦਦ ਕਰਦਾ ਹੈ। ਪਰ ਤੁਹਾਡੀ ਸੇਵਾ
ਕੇਵਲ ਇੰਨੀ ਹੀ ਨਹੀਂ ਹੈ। ਇਹ ਪਰਮੇਸ਼ੁਰ ਲਈ ਹੋਰ ਵਧੇਰੇ
ਧੰਨਵਾਦ ਲਿਆਉਂਦੀ ਹੈ। **13**ਜਿਹੜਾ ਚੰਦਾ ਤੁਸੀਂ ਦਿੰਦੇ ਹੋ ਉਹ
ਤੁਹਾਡੇ ਵਿਸ਼ਵਾਸ ਦਾ ਪ੍ਰਮਾਣ ਹੈ। ਇਸ ਵਾਸਤੇ ਲੋਕੀਂ ਪਰਮੇਸ਼ੁਰ
ਦੀ ਉਸਤਤ ਕਰਨਗੇ। ਉਹ ਪਰਮੇਸ਼ੁਰ ਦੀ ਉਸਤਤ ਇਸ ਵਾਸਤੇ
ਕਰਨਗੇ ਕਿਉਂਕਿ ਤੁਸੀਂ ਮਸੀਹ ਦੀ ਖੁਸ਼ਖਬਰੀ ਪਿੱਛੇ ਚੱਲਦੇ ਹੋ ਉਹ
ਖੁਸ਼ਖਬਰੀ ਜਿਸ ਵਿੱਚ ਤੁਸੀਂ ਵਿਸ਼ਵਾਸ ਕਰਦੇ ਹੋ। ਲੋਕੀਂ ਪਰਮੇਸ਼ੁਰ
ਦੀ ਉਸਤਤ ਕਰਨਗੇ ਕਿਉਂਕਿ ਤੁਸੀਂ ਉਨ੍ਹਾਂ ਨਾਲ ਅਤੇ ਸਾਰੇ ਲੋਕਾਂ
ਨਾਲ ਸਾਂਝਾ ਕਰਦੇ ਹੋ। **14**ਜਦੋਂ ਉਹ ਲੋਕ ਪ੍ਰਾਰਥਨਾ ਕਰਨਗੇ, ਉਹ
ਕਲਪਨਾ ਕਰਨਗੇ ਕਿ ਤੁਹਾਡੇ ਨਾਲ ਰਹਿਣ। ਉਹ ਅਜਿਹਾ ਇਸ
ਲਈ ਕਰਨਗੇ ਕਿਉਂਕਿ ਪਰਮੇਸ਼ੁਰ ਦੀ ਭਰਪੂਰ ਕਿਰਪਾ ਤੁਹਾਡੇ ਨਾਲ
ਹੈ। **15**ਇਸ ਦਾਨ ਲਈ ਪਰਮੇਸ਼ੁਰ ਦਾ ਧੰਨਵਾਦ ਹੋਵੇ ਜੋ ਵਰਨਣ
ਕਰਨ ਲਈ ਬਹੁਤ ਅਚੰਭਿਤ ਹੈ।

## ਪੌਲੁਸ ਆਪਣੇ ਆਤਮਕ ਮਿਸ਼ਨ ਨੂੰ ਉਚਿਤ ਠਹਿਰਾਉਂਦਾ ਹੈ

**10** **1**ਮੈਂ ਪੌਲੁਸ ਹਾਂ ਤੇ ਮੈਂ ਤੁਹਾਨੂੰ ਬੇਨਤੀ ਕਰਦਾ ਹਾਂ ਮੈਂ
ਕੋਮਲਤਾ ਨਾਲ ਅਤੇ ਮਸੀਹ ਦੀ ਕਿਰਪਾ ਨਾਲ ਦਲੀਲ
ਪੇਸ਼ ਕਰਦਾ ਹਾਂ ਕੁਝ ਲੋਕ ਇਹ ਆਖਦੇ ਹਨ ਜਦੋਂ ਮੈਂ ਤੁਹਾਡੇ ਨਾਲ
ਹੁੰਦਾ ਹਾਂ ਤਾਂ ਹਲੀਮੀ ਵਾਲਾ ਹੁੰਦਾ ਹਾਂ ਅਤੇ ਜਦੋਂ ਤੁਹਾਡੇ ਤੋਂ ਦੂਰ
ਹੁੰਦਾ ਹਾਂ ਮੈਂ ਦਲੇਰ ਹੁੰਦਾ ਹਾਂ। **2**ਕੁਝ ਲੋਕੀਂ ਸੋਚਦੇ ਹਨ ਕਿ ਅਸੀਂ
ਦੁਨਿਆਦਾਰਾਂ ਵਾਂਗ ਰਹਿੰਦੇ ਹਾਂ। ਜਦੋਂ ਮੈਂ ਆਵਾਂਗਾ ਤਾਂ ਇਹੋ ਜਿਹੇ
ਲੋਕਾਂ ਦੇ ਖਿਲਾਫ਼ ਮੈਂ ਬਹੁਤ ਦਲੇਰੀ ਤੋਂ ਕੰਮ ਲਵਾਂਗਾ। ਮੈਂ ਤੁਹਾਨੂੰ
ਬੇਨਤੀ ਕਰਦਾ ਹਾਂ ਕਿ ਜਦੋਂ ਮੈਂ ਆਵਾਂਗਾ ਤਾਂ ਮੈਨੂੰ ਅਜਿਹੀ ਦਲੇਰੀ
ਤੁਹਾਡੇ ਨਾਲ ਨਹੀਂ ਵਰਤਣੀ ਪਵੇਗੀ। **3**ਅਸੀਂ ਦੁਨੀਆ ਵਿੱਚ ਰਹਿੰਦੇ
ਹਾਂ, ਪਰ ਅਸੀਂ ਉਸ ਤਰ੍ਹਾਂ ਨਹੀਂ ਲੜਦੇ ਜਿਵੇਂ ਦੁਨੀਆ ਲੜਦੀ
ਹੈ। **4**ਅਸੀਂ ਜਿਨ੍ਹਾਂ ਹਥਿਆਰਾਂ ਨਾਲ ਲੜਦੇ ਹਾਂ ਉਹ ਦੁਨਿਆਵੀ
ਹਥਿਆਰਾਂ ਨਾਲੋਂ ਵੱਖਰੇ ਹਨ। ਸਾਡੇ ਹਥਿਆਰਾਂ ਵਿੱਚ ਪਰਮੇਸ਼ੁਰ
ਦੀ ਸ਼ਕਤੀ ਹੈ। ਇਹ ਹਥਿਆਰ ਦੁਸ਼ਮਣ ਦੇ ਮਜ਼ਬੂਤ ਟਿਕਾਣਿਆਂ
ਨੂੰ ਨਸ਼ਟ ਕਰ ਸਕਦੇ ਹਨ। ਇਨ੍ਹਾਂ ਹਥਿਆਰਾਂ ਦੀ ਸਹਾਇਤਾ ਨਾਲ
ਅਸੀਂ ਲੋਕਾਂ ਦੀਆਂ ਦਲੀਲਾਂ ਨੂੰ ਤਬਾਹ ਕਰਨ ਦੇ ਯੋਗ ਹਾਂ। **5**ਅਸੀਂ
ਹਰ ਗੁਮਾਨ ਭਰੀ ਗੱਲ ਦਾ ਨਾਸ ਕਰਦੇ ਹਾਂ ਜਿਹੜੀ ਪਰਮੇਸ਼ੁਰ ਦੇ
ਗਿਆਨ ਦੇ ਖਿਲਾਫ਼ ਆਪਣੇ ਆਪ ਨੂੰ ਵਧਾਉਂਦੀ ਹੈ। ਅਤੇ ਅਸੀਂ
ਹਰ ਵਿਚਾਰ ਨੂੰ ਫ਼ੜਦੇ ਹਾਂ ਅਤੇ ਇਸ ਨੂੰ ਨਿਰਹੰਕਾਰ ਬਣਾ ਕੇ ਮਸੀਹ
ਦੇ ਆਗਿਆਕਾਰ ਬਣਾਉਂਦੇ ਹਾਂ। **6**ਉੱਥੇ ਅਸੀਂ ਹਰ ਉਸ ਵਿਅਕਤੀ
ਨੂੰ ਸਜ਼ਾ ਦੇਣ ਲਈ ਤਿਆਰ ਰਹਿੰਦੇ ਹਾਂ ਜਿਹੜਾ ਆਗਿਆਕਾਰ
ਨਹੀਂ ਹੈ। ਪਰ ਪਹਿਲੋਂ ਅਸੀਂ ਚਾਹੁੰਦੇ ਹਾਂ ਕਿ ਤਸੀਂ ਪੂਰੀ ਤਰ੍ਹਾਂ
ਆਗਿਆਕਾਰ ਹੋਵੋ।

**7**ਤੁਹਾਨੂੰ ਚਾਹੀਦਾ ਹੈ ਕਿ ਤੁਸੀਂ ਆਪਣੇ ਸਾਹਮਣੇ ਪੇਸ਼ ਹੋਏ ਤੱਥਾਂ
ਨੂੰ ਗਹੁ ਨਾਲ ਦੇਖੋ। ਜੋ ਕੋਈ ਵਿਅਕਤੀ ਸੋਚਦਾ ਹੈ ਕਿ ਉਹ ਮਸੀਹ
ਨਾਲ ਸੰਬੰਧਤ ਹੈ ਉਸ ਨੂੰ ਚੇਤੇ ਰੱਖਣਾ ਚਾਹੀਦਾ ਕਿ ਜਿਵੇਂ ਉਹ
ਸੰਬੰਧਤ ਹੈ ਅਸੀਂ ਵੀ ਉਵੇਂ ਹੀ ਮਸੀਹ ਨਾਲ ਸੰਬੰਧ ਰੱਖਦੇ ਹਾਂ।
**8**ਇਹ ਸੱਚ ਹੈ ਕਿ ਅਸੀਂ ਪ੍ਰਭੂ ਵੱਲੋਂ ਦਿੱਤੇ ਗਏ ਇਖਤਿਆਰ ਬਾਰੇ
ਸ਼ੇਖੀ ਮਾਰਦੇ ਹਾਂ। ਪਰ ਉਸ ਨੇ ਤੁਹਾਨੂੰ ਮਜ਼ਬੂਤ ਬਣਾਉਣ ਲਈ
ਸਾਨੂੰ ਇਹ ਇਖਤਿਆਰ ਦਿੱਤਾ ਹੈ ਨਾ ਕਿ ਤੁਹਾਨੂੰ ਦੁੱਖ ਪਹੁੰਚਾਉਣ
ਲਈ। ਇਸ ਲਈ ਮੈਂ ਆਪਣੀ ਸ਼ੇਖੀ ਉੱਤੇ ਸ਼ਰਮਸਾਰ ਨਹੀਂ ਹਾਂ।
**9**ਮੈਂ ਨਹੀਂ ਚਾਹੁੰਦਾ ਕਿ ਤੁਸੀਂ ਇਹ ਸੋਚੋ ਕਿ ਮੈਂ ਤੁਹਾਨੂੰ ਆਪਣੇ ਪੱਤਰਾਂ
ਰਾਹੀਂ ਭੈਭੀਤ ਕਰ ਰਿਹਾ ਹਾਂ। **10**ਕੁਝ ਲੋਕੀਂ ਆਖਦੇ ਨੇ, "ਪੌਲੁਸ ਦੇ
ਪੱਤਰ ਸ਼ਕਤੀਸ਼ਾਲੀ ਹਨ ਤੇ ਮਹੱਤਵਪੂਰਣ ਹਨ। ਪਰ ਜਦੋਂ ਉਹ
ਸਾਡੇ ਨਾਲ ਹੁੰਦਾ ਹੈ ਉਹ ਕਮਜ਼ੋਰ ਹੁੰਦਾ ਹੈ ਅਤੇ ਉਸ ਦੀ ਬੋਲਚਾਲ
ਕੁਝ ਵੀ ਨਹੀਂ ਹੁੰਦੀ।" **11**ਉਨ੍ਹਾਂ ਲੋਕਾਂ ਨੂੰ ਇਹ ਪਤਾ ਹੋਣਾ ਚਾਹੀਦਾ
ਹੈ; ਹੁਣ ਅਸੀਂ ਉੱਥੇ ਤੁਹਾਡੇ ਨਾਲ ਨਹੀਂ ਹਾਂ ਇਸ ਲਈ ਇਹ ਗੱਲਾਂ
ਅਸੀਂ ਪੱਤਰਾਂ ਰਾਹੀਂ ਆਖ ਰਹੇ ਹਾਂ। ਪਰ ਜਦੋਂ ਅਸੀ ਤੁਹਾਡੇ ਨਾਲ
ਹੋਵਾਂਗੇ, ਤਾਂ ਜਿਹੜਾ ਇਖਤਿਆਰ ਅਸੀਂ ਆਪਣੀਆਂ ਚਿੱਠੀਆਂ
ਵਿੱਚ ਵਿਖਾਉਂਦੇ ਹਾਂ, ਉਹੀ ਇਖਤਿਆਰ ਅਸੀਂ ਤੁਹਾਨੂੰ ਵਿਖਾਵਾਂਗੇ।

**12**ਅਸੀਂ ਇਸ ਗੱਲ ਬਾਰੇ ਸੋਚਾਂਗੇ ਵੀ ਨਹੀਂ ਕਿ ਅਸੀਂ ਉਨ੍ਹਾਂ
ਲੋਕਾਂ ਨਾਲ ਜੁੜ ਜਾਈਏ ਜਿਹੜੇ ਆਪਣੇ ਆਪ ਨੂੰ ਮਹੱਤਵਪੂਰਣ
ਕਰਾਰ ਦਿੰਦੇ ਹਨ। ਅਸੀਂ ਆਪਣੇ ਆਪ ਦੀ ਤੁਲਨਾ ਉਨ੍ਹਾਂ ਨਾਲ ਨਹੀਂ

ਕਰਦੇ। ਉਹ ਖੁਦ ਨਾਲ ਆਪਣੇ ਆਪ ਦਾ ਮੁਲਾਂਕਣ ਕਰਦੇ ਹਨ ਅਤੇ ਆਪਣੇ ਆਪ ਦੀ ਤੁਲਨਾ ਆਪਣੇ ਆਪ ਨਾਲ ਕਰਦੇ ਹਨ। ਇਹ ਵਿਖਾਉਂਦਾ ਕਿ ਉਹ ਮੂਰਖ ਹਨ।

**13**ਪਰ ਅਸੀਂ ਉਨ੍ਹਾਂ ਚੀਜ਼ਾਂ ਬਾਰੇ ਗੁਮਾਨ ਨਹੀਂ ਕਰਾਂਗੇ ਜਿਹੜੀਆਂ ਸਾਨੂੰ ਦਿੱਤੇ ਹੋਏ ਕੰਮ ਤੋਂ ਬਾਹਰ ਹਨ। ਅਸੀਂ ਆਪਣੀ ਸ਼ੇਖੀ ਨੂੰ ਉਸੇ ਕੰਮ ਤੱਕ ਸੀਮਤ ਰੱਖਾਂਗੇ ਜਿਹੜਾ ਪਰਮੇਸ਼ੁਰ ਨੇ ਸਾਨੂੰ ਪ੍ਰਦਾਨ ਕੀਤਾ ਹੈ। ਪਰ ਇਹ ਕੰਮ ਸਾਡੇ ਕੰਮ ਨੂੰ ਤੁਹਾਡੇ ਨਾਲ ਸ਼ਾਮਲ ਕਰਦਾ ਹੈ। **14**ਅਸੀਂ ਬਹੁਤੀ ਸ਼ੇਖੀ ਨਹੀਂ ਮਾਰਦੇ। ਜੇਕਰ ਅਸੀਂ ਪਹਿਲਾਂ ਹੀ ਤੁਹਾਡੇ ਕੋਲ ਨਾ ਆਏ ਹੁੰਦੇ ਤਾਂ ਸਾਡੀ ਸ਼ੇਖੀ ਬਹੁਤ ਜ਼ਿਆਦਾ ਹੁੰਦੀ। ਪਰ ਅਸੀਂ ਤੁਹਾਡੇ ਕੋਲ ਆ ਗਏ ਹਾਂ ਅਸੀਂ ਤੁਹਾਡੇ ਕੋਲ ਮਸੀਹ ਦੀ ਖੁਸ਼ਖਬਰੀ ਲੈ ਕੇ ਆਏ ਹਾਂ। **15**ਅਸੀਂ ਆਪਣੀ ਸ਼ੇਖੀ ਨੂੰ ਆਪਣੇ ਕੰਮ ਤੱਕ ਹੀ ਸੀਮਿਤ ਰੱਖਦੇ ਹਾਂ ਅਸੀਂ ਹੋਰਾਂ ਦੇ ਕੀਤੇ ਹੋਏ ਕੰਮ ਬਾਰੇ ਗੁਮਾਨ ਨਹੀਂ ਕਰਦੇ। ਉਵੇਂ ਹੀ ਜਿਵੇਂ ਤੁਹਾਡੀ ਨਿਰਚਾ ਵੱਧਣਾ ਜਾਰੀ ਰੱਖਦੀ ਹੈ, ਸਾਨੂੰ ਉਮੀਦ ਹੈ ਕਿ ਤੁਹਾਡੇ ਵਿੱਚ ਸਾਡਾ ਕੰਮ ਵੀ ਵਧੇਰੇ ਹੱਦ ਤੱਕ ਵੱਧੇਗਾ। **16**ਅਸੀਂ ਖੁਸ਼ਖਬਰੀ ਦਾ ਪ੍ਰਚਾਰ ਤੁਹਾਡੇ ਸ਼ਹਿਰ ਤੋਂ ਅਗੇ ਹੋਰਨਾਂ ਸ਼ਹਿਰਾਂ ਵਿੱਚ ਵੀ ਕਰਨਾ ਚਾਹੁੰਦੇ ਹਾਂ। ਅਸੀਂ ਉਸ ਕੰਮ ਬਾਰੇ ਆਤਮ ਪ੍ਰਸ਼ੰਸਾ ਲੈਣਾ ਨਹੀਂ ਚਾਹੁੰਦੇ ਜਿਹੜਾ ਪਹਿਲਾਂ ਹੀ ਕਿਸੇ ਹੋਰ ਵਿਅਕਤੀ ਦੇ ਇਲਾਕੇ ਵਿੱਚ ਕੀਤਾ ਜਾ ਚੁੱਕਿਆ ਹੈ। **17**ਪਰ, "ਜਿਹੜਾ ਵਿਅਕਤੀ ਗੁਮਾਨ ਕਰਦਾ ਹੈ ਉਸ ਨੂੰ ਪ੍ਰਭੂ ਵਿੱਚ ਹੀ ਗੁਮਾਨ ਕਰਨਾ ਚਾਹੀਦਾ ਹੈ।"[a] **18**ਜਿਹੜਾ ਵਿਅਕਤੀ ਆਪਣੀ ਨੇਕ ਨਾਮੀ ਆਪ ਕਰਦਾ ਹੈ ਉਹ ਪ੍ਰਵਾਨ ਨਹੀਂ ਹੁੰਦਾ। ਪਰ ਜਿਸ ਵਿਅਕਤੀ ਦੀ ਨੇਕ ਨਾਮੀ ਪ੍ਰਭੂ ਕਰਦਾ ਹੈ ਉਹੀ ਪ੍ਰਵਾਨ ਹੁੰਦਾ ਹੈ।

## ਪੌਲੁਸ ਅਤੇ ਝੂਠੇ ਰਸੂਲ

**11** **1**ਮੇਰੀ ਖਾਹਿਸ਼ ਹੈ ਕਿ ਤੁਸੀਂ ਓਦੋਂ ਵੀ ਮੇਰੇ ਨਾਲ ਧੀਰਜ ਤੋਂ ਕੰਮ ਲਵੋ ਜਦੋਂ ਮੈਂ ਥੋੜਾ ਜਿਹਾ ਮੂਰਖ ਹੋਵਾਂ, ਪਰ ਤੁਸੀਂ ਤਾਂ ਮੇਰੇ ਨਾਲ ਪਹਿਲਾਂ ਤੋਂ ਹੀ ਧੀਰਜਵਾਨ ਹੋ। **2**ਮੈਨੂੰ ਤੁਹਾਡੇ ਨਾਲ ਈਰਖਾ ਹੋ ਰਹੀ ਹੈ ਅਤੇ ਇਹ ਈਰਖਾ ਪਰਮੇਸ਼ੁਰ ਵੱਲੋਂ ਆਉਂਦੀ ਹੈ। ਮੈਂ ਤੁਹਾਨੂੰ ਮਸੀਹ ਨੂੰ ਦੇਣ ਦਾ ਵਾਅਦਾ ਕੀਤਾ ਹੈ ਤਾਂ ਜੋ ਸਿਰਫ਼ ਉਹੀ ਤੁਹਾਡਾ ਪਤੀ ਹੋ ਸਕੇ। ਮੈਂ ਤੁਹਾਨੂੰ ਮਸੀਹ ਨੂੰ ਉਸ ਦੀ ਪਾਕ ਕੁਆਰੀ ਹੋਣ ਲਈ ਪੇਸ਼ ਕਰਨਾ ਚਾਹੁੰਦਾ ਹਾਂ। **3**ਪਰ ਮੈਂ ਡਰਦਾ ਹਾਂ ਕਿ ਸ਼ਾਇਦ ਤੁਹਾਡੇ ਮਨ ਇਮਾਨਦਾਰੀ ਅਤੇ ਮਸੀਹ ਵੱਲ ਸ਼ੁੱਧਤਾ ਤੋਂ ਭਟਕ ਨਾ ਗਏ ਹੋਣ। ਜਿਵੇਂ ਹਵਾ ਸੱਪ ਦੀ ਸ਼ੈਤਾਨੀ ਵਿਉਂਤ ਨਾਲ ਗੁਮਰਾਹ ਹੋ ਗਈ ਸੀ। **4**ਤੁਸੀਂ ਹਰ ਵਿਅਕਤੀ ਨਾਲ ਬਹੁਤ ਹਲੀਮ ਹੋ ਜਿਹੜਾ ਤੁਹਾਡੇ ਕੋਲ ਆਉਂਦਾ ਹੈ। ਜਿਹੜਾ ਯਿਸੂ ਬਾਰੇ ਉਨ੍ਹਾਂ ਗੱਲਾਂ ਦਾ ਪ੍ਰਚਾਰ ਕਰਦਾ ਹੈ ਜੋ ਸਾਡੇ ਪ੍ਰਚਾਰ ਨਾਲੋਂ ਵੱਖਰੀਆਂ ਹਨ। ਤੁਸੀਂ ਕਿਸੇ ਆਤਮਾ ਜਾਂ ਖੁਸ਼ਖਬਰੀ ਨੂੰ ਜੋ ਆਤਮਾ ਅਤੇ ਖੁਸ਼ਖਬਰੀ ਨਾਲੋਂ ਵੱਖਰਾ ਹੈ ਜੋ ਤੁਸੀਂ ਸਾਡੇ ਕੋਲੋਂ ਗ੍ਰਹਿਣ ਕੀਤਾ ਹੈ, ਮੰਨਣ ਲਈ ਤਿਆਰ ਹੋ ਜਾਂਦੇ ਹੋ। ਫ਼ੇਰ ਤੁਹਾਨੂੰ ਮੇਰੇ ਨਾਲ ਵੀ ਧੀਰਜਵਾਨ ਹੋਣਾ ਚਾਹੀਦਾ ਹੈ।

**5**ਮੈਂ ਨਹੀਂ ਸੋਚਦਾ ਕਿ ਉਹ "ਮਹਾਨ ਰਸੂਲ" ਕਿਸੇ ਵੀ ਢੰਗ ਵਿੱਚ ਮੇਰੇ ਨਾਲੋਂ ਬੇਹਤਰ ਹਨ। **6**ਇਹ ਠੀਕ ਹੈ ਕਿ ਮੈਂ ਕੋਈ ਕੁਸ਼ਲ ਬੁਲਾਰਾ ਨਹੀਂ ਹਾਂ ਪਰ ਮੇਰੇ ਕੋਲ ਗਿਆਨ ਜ਼ਰੂਰ ਹੈ। ਇਹ ਗੱਲ ਅਸੀ ਹਰ ਤਰ੍ਹਾਂ ਨਾਲ ਤੁਹਾਡੇ ਅੱਗੇ ਸਪਸ਼ਟ ਕਰ ਦਿੱਤੀ ਹੈ।

**7**ਮੈਂ ਤੁਹਾਨੂੰ ਪਰਮੇਸ਼ੁਰ ਦੀ ਖੁਸ਼ਖਬਰੀ ਦਾ ਪ੍ਰਚਾਰ ਬਿਨ ਤਨਖਾਹੋਂ ਦਿੱਤਾ ਹੈ। ਮੈਂ ਆਪਣੇ ਆਪ ਨੂੰ ਹਲੀਮ ਬਣਾਇਆ ਤਾਂ ਜੋ ਮੈਂ ਤੁਹਾਨੂੰ ਮਹੱਤਵਪੂਰਣ ਬਣਾ ਸਕਾਂ। ਕੀ ਤੁਸੀਂ ਇਹ ਸੋਚਦੇ ਹੋ ਕਿ ਮੈਂ ਗਲਤ ਸਾਂ। **8**ਮੈਂ ਹੋਰਨਾਂ ਕਲੀਸਿਯਾਂ ਵੱਲੋਂ ਤਨਖਾਹ ਪ੍ਰਵਾਨ ਕੀਤੀ। ਮੈਂ ਉਨ੍ਹਾਂ ਤੋਂ ਤੁਹਾਡੀ ਸੇਵਾ ਕਰਨ ਲਈ ਧਨ ਲਿਆ। **9**ਜਦੋਂ ਮੈਂ ਤੁਹਾਡੇ ਕੋਲ ਸਾਂ ਤਾਂ ਮੈਨੂੰ ਕੁਝ ਨਾ ਕੁਝ ਚਾਹੀਦਾ ਸੀ। ਪਰ ਮੈਂ ਤੁਹਾਡੇ ਵਿੱਚੋਂ ਕਿਸੇ ਨੂੰ ਤਕਲੀਫ਼ ਨਹੀਂ ਦਿੱਤੀ। ਜਿਹੜੇ ਭਰਾ ਮਕਦੂਨਿਯਾ ਤੋਂ ਆਏ ਉਨ੍ਹਾਂ ਨੇ ਮੈਨੂੰ ਸਭ ਕੁਝ ਦਿੱਤਾ ਜਿਸ ਦੀ ਮੈਨੂੰ ਲੋੜ ਸੀ। ਮੈਂ ਤੁਹਾਡੇ ਉੱਪਰ ਕਿਸੇ ਤਰ੍ਹਾਂ ਦਾ ਬੋਝ ਨਹੀਂ ਸਾਂ ਅਤੇ ਮੈਂ ਭੱਵਿਖ ਵਿੱਚ ਕਦੇ ਵੀ ਤੁਹਾਡੇ ਉੱਪਰ ਬੋਝ ਨਹੀਂ ਬਣਾਂਗਾ। **10**ਅਖਾਯਾ ਦਾ ਕੋਈ ਵੀ ਵਿਅਕਤੀ ਮੈਨੂੰ ਇਸ ਬਾਰੇ ਗੁਮਾਨ ਕਰਨ ਤੋਂ ਰੋਕ ਨਹੀਂ ਸਕੇਗਾ। ਇਹ ਗੱਲ ਮੈਂ ਆਪਣੇ ਅੰਦਰ ਮਸੀਹ ਦੀ ਸੱਚਾਈ ਨਾਲ ਆਖ ਰਿਹਾ ਹਾਂ। **11**ਮੈਂ ਤੁਹਾਡੇ ਉੱਪਰ ਕਿਉਂ ਬੋਝ ਨਹੀਂ ਬਣਿਆ? ਤੁਹਾਡਾ ਕੀ ਖਿਆਲ ਹੈ ਕਿ ਇਹ ਇਸ ਲਈ ਹੈ ਕਿ ਮੈਂ ਤੁਹਾਨੂੰ ਪਿਆਰ ਨਹੀਂ ਕਰਦਾ? ਨਹੀਂ। ਪਰਮੇਸ਼ੁਰ ਜਾਣਦਾ ਹੈ ਕਿ ਮੈਂ ਤੁਹਾਨੂੰ ਪਿਆਰ ਕਰਦਾ ਹਾਂ

**12**ਅਤੇ ਸਦਾ ਉਹੀ ਕਰਦਾ ਰਹਾਂਗਾ ਜੋ ਮੈਂ ਹੁਣ ਕਰ ਰਿਹਾ ਹਾਂ ਅਜਿਹਾ ਮੈਂ ਇਸ ਲਈ ਕਰ ਰਿਹਾ ਹਾਂ ਤਾਂ ਜੋ ਉਨ੍ਹਾਂ ਲੋਕਾਂ ਕੋਲ ਸ਼ੇਖੀ ਮਾਰਨ ਦਾ ਕੋਈ ਕਾਰਣ ਨਹੀਂ ਹੋਵੇਗਾ। ਉਹ ਇਹ ਵਿਖਾਉਣਾ ਪਸੰਦ ਕਰਦੇ ਹਨ ਕਿ ਜਿਸ ਕੰਮ ਦੀ ਉਹ ਸ਼ੇਖੀ ਮਾਰ ਰਏ ਹਨ ਉਹ ਸਾਡੇ ਕੰਮ ਵਰਗਾ ਹੈ। **13**ਇਹ ਲੋਕੀਂ ਸੱਚੇ ਰਸੂਲ ਨਹੀਂ ਹਨ। ਉਹ ਅਜਿਹੇ ਕਰਿੰਦੇ ਹਨ ਜੋ ਝੂਠ ਬੋਲਦੇ ਹਨ। ਉਹ ਮਸੀਹ ਦੇ ਰਸੂਲਾਂ ਵਾਂਗ ਦਿਖਣ ਲਈ ਭੇਸ ਬਦਲ ਲੈਂਦੇ ਹਨ। **14**ਇਸ ਗੱਲੋਂ ਸਾਨੂੰ ਹੈਰਾਨੀ ਹੁੰਦੀ ਹੈ। ਸ਼ੈਤਾਨ ਵੀ ਆਪਣੇ ਆਪ ਨੂੰ ਰੌਸ਼ਨੀ ਦੇ ਦੂਤ ਵਾਂਗ ਦਿਖਣ ਲਈ ਭੇਸ ਬਦਲ ਲੈਂਦਾ ਹੈ। **15**ਇਸ ਲਈ ਅਸੀਂ ਹੈਰਾਨ ਨਹੀਂ ਹੁੰਦੇ ਜਦੋਂ ਸ਼ੈਤਾਨ ਦੇ ਸੇਵਕ ਆਪਣੇ ਭੇਸ ਸੱਚ ਦੇ ਸੇਵਕਾਂ ਵਰਗੇ ਬਣਾ ਲੈਂਦੇ ਹਨ। ਪਰ ਆਖਰਕਾਰ ਉਨ੍ਹਾਂ ਲੋਕਾਂ ਨੂੰ ਆਪਣੇ ਕੀਤੇ ਲਈ ਸਜ਼ਾ ਭੁਗਤਣੀ ਪਵੇਗੀ।

## ਪੌਲੁਸ ਆਪਣੇ ਦੁੱਖਾਂ ਬਾਰੇ ਦੱਸਦਾ ਹੈ

**16**ਮੈਂ ਤੁਹਾਨੂੰ ਫ਼ੇਰ ਆਖਦਾ ਹਾਂ; ਕੋਈ ਵਿਅਕਤੀ ਵੀ ਇਹ ਨਾ ਸੋਚੇ ਕਿ ਮੈਂ ਮੂਰਖ ਹਾਂ। ਪਰ ਜੇ ਤੁਸੀਂ ਸੋਚਦੇ ਹੋ ਕਿ ਮੈਂ ਮੂਰਖ ਹਾਂ ਤਾਂ ਤੁਸੀਂ ਮੈਨੂੰ ਇੱਕ ਮੂਰਖ ਵਾਂਗ ਹੀ ਪ੍ਰਵਾਨ ਕਰੋ। ਫ਼ੇਰ ਮੈਂ ਵੀ ਥੋੜੀ ਜਿਹੀ ਸ਼ੇਖੀ ਮਾਰ ਸਕਾਂਗਾ। **17**ਮੈਂ ਇਸ ਲਈ ਸ਼ੇਖੀ ਮਾਰਦਾ ਹਾਂ ਕਿਉਂ ਜੋ ਮੈਂ ਆਪਣੇ ਬਾਰੇ ਭਰੋਸੇਮੰਦ ਹਾਂ। ਪਰ ਮੈਂ ਉਵੇਂ ਨਹੀਂ ਬੋਲ ਰਿਹਾ ਜਿਵੇਂ ਪ੍ਰਭੂ ਬੋਲ ਸਕਦਾ ਹੈ। ਮੈਂ ਇੱਕ ਮੂਰਖ ਵਾਂਗ ਸ਼ੇਖੀ ਮਾਰਦਾ ਹਾਂ। **18**ਬਹੁਤ ਸਾਰੇ ਲੋਕ ਦੁਨੀਆ ਵਿੱਚ ਆਪਣੇ ਜੀਵਨ ਬਾਰੇ ਸ਼ੇਖੀ ਮਾਰਦੇ ਹਨ। ਇਸ ਲਈ ਮੈਂ ਵੀ ਸ਼ੇਖੀ ਮਾਰਾਂਗਾ। **19**ਤੁਸੀਂ ਸੂਝਵਾਨ ਹੋ, ਇਸ ਲਈ ਤੁਸੀਂ ਖੁਸ਼ੀ ਨਾਲ ਮੂਰਖਾਂ ਬਾਰੇ ਧੀਰਜ ਤੋਂ ਕੰਮ ਲਵੋਗੇ। **20**ਮੈਂ ਜਾਣਦਾ ਹਾਂ ਕਿ ਤੁਸੀਂ ਧੀਰਜ ਤੋਂ ਕੰਮ ਲਵੋਗੇ ਕਿਉਂਕਿ ਤੁਸੀਂ ਉਸ ਵਿਅਕਤੀ ਨਾਲ ਵੀ ਹਲੀਮ ਹੋ ਜਿਹੜਾ ਤੁਹਾਥੋਂ ਗਲਤ ਗੱਲਾਂ ਕਰਾਉਂਦਾ ਹੈ ਅਤੇ ਤੁਹਾਨੂੰ ਵਰਤਦਾ ਹੈ। ਤੁਸੀਂ ਉਨ੍ਹਾਂ ਲੋਕਾਂ ਨਾਲ ਧੀਰਜ ਤੋਂ ਕੰਮ ਲੈਂਦੇ ਹੋ ਜਿਹੜੇ ਤੁਹਾਡੇ ਨਾਲ ਛਲ ਕਰਦੇ ਹਨ, ਜਾਂ ਜਿਹੜੇ ਸੋਚਦੇ ਹਨ ਕਿ ਉਹ ਤੁਹਾਡੇ ਨਾਲੋਂ ਬੇਹਤਰ ਹਨ ਜਾਂ ਤੁਹਾਨੂੰ ਥੱਪੜ ਮਾਰਦੇ ਹਨ। **21**ਮੇਰੇ ਲਈ ਇਹ ਆਖਣਾ ਸ਼ਰਮਨਾਕ ਹੈ, ਪਰ ਅਸੀਂ ਤੁਹਾਡੇ ਨਾਲ ਅਜਿਹੀਆਂ ਗੱਲਾਂ ਕਰਨ ਲਈ ਬਹੁਤ "ਕਮਜ਼ੋਰ" ਸਾਂ।

ਪਰ ਜੇ ਕੋਈ ਸ਼ੇਖੀ ਮਾਰਨ ਦੀ ਦਲੇਰੀ ਕਰਦਾ ਹੈ, ਤਾਂ ਮੈਂ ਵੀ ਦਲੇਰ ਬਣਾਂਗਾ ਅਤੇ ਸ਼ੇਖੀ ਮਾਰਾਂਗਾ। ਮੈਂ ਇੱਕ ਮੂਰਖ ਵਾਂਗ ਗੱਲ ਕਰ ਰਿਹਾ ਹਾਂ। **22**ਕੀ ਉਹ ਲੋਕੀਂ ਇਬਰਾਨੀ ਹਨ? ਕੀ ਉਹ

[a] *10:17* ਹਵਾਲਾ: ਯਿਰਮਿਯਾਹ 9:24

ਇਸਰਾਏਲੀ ਹਨ? ਮੈਂ ਵੀ ਇਸਰਾਏਲੀ ਹਾਂ, ਕੀ ਉਹ ਅਬਰਾਹਾਮ ਦੇ
ਪਰਿਵਾਰ ਵਿੱਚੋਂ ਹਨ? ਮੈਂ ਵੀ ਹਾਂ। 23ਕੀ ਉਹ ਲੋਕ ਮਸੀਹ ਦੀ ਸੇਵਾ
ਕਰ ਰਹੇ ਹਨ? ਮੈਂ ਉਨ੍ਹਾਂ ਨਾਲੋਂ ਵਧਕੇ ਉਸ ਦੀ ਸੇਵਾ ਕਰ ਰਿਹਾ ਹਾਂ।
(ਮੈਂ ਝੱਲਾ ਹਾਂ ਜੋ ਇਸ ਤਰ੍ਹਾਂ ਗੱਲਾਂ ਕਰ ਰਿਹਾ ਹਾਂ।) ਮੈਂ ਉਨ੍ਹਾਂ ਲੋਕਾਂ
ਨਾਲੋਂ ਵਧੇਰੇ ਕੰਮ ਕੀਤਾ ਹੈ। ਬਹੁਤ ਵਾਰੀ ਮੈਂ ਕੈਦ ਵਿੱਚ ਸਾਂ। ਮੈਂ ਵੀ
ਵਧੇਰੇ ਕੁੱਟਾਂ ਝੱਲੀਆਂ ਹਨ। ਬਹੁਤ ਵਾਰੀ ਮੈਂ ਮੌਤ ਦੇ ਬਹੁਤ ਨੇੜੇ ਸਾਂ।
24ਯਹੂਦੀਆਂ ਨੇ ਮੈਨੂੰ ਪੰਜ ਵਾਰੀ 39 ਕੋੜਿਆਂ ਦੀ ਸਜ਼ਾ ਦਿੱਤੀ
ਸੀ। 25ਤਿੰਨ ਵੱਖ-ਵੱਖ ਸਮਿਆਂ ਤੇ ਮੈਨੂੰ ਸਲਾਖਾਂ ਨਾਲ ਕੁੱਟਿਆ
ਗਿਆ ਸੀ। ਇੱਕ ਵਾਰੀ ਤਾਂ ਮੈਨੂੰ ਪੱਥਰਾਂ ਨਾਲ ਮਾਰ ਹੀ ਦਿੱਤਾ
ਗਿਆ ਸੀ। ਤਿੰਨ ਵਾਰੀ ਮੈਂ ਉਨ੍ਹਾਂ ਜਹਾਜ਼ਾਂ ਵਿੱਚ ਸਾਂ ਜਿਹੜੇ ਤਬਾਹ
ਹੋ ਗਏ ਅਤੇ ਇਨ੍ਹਾਂ ਵਿੱਚੋਂ ਇੱਕ ਮੌਕੇ ਤੇ ਮੈਂ ਇੱਕ ਰਾਤ ਅਤੇ ਇੱਕ
ਦਿਨ ਸਮੁੰਦਰ ਵਿੱਚ ਗੁਜਾਰੇ ਹਨ। 26ਮੈਂ ਬਹੁਤ ਸਾਰੀਆਂ ਛੋਟੀਆਂ
ਯਾਤਰਾਵਾਂ ਆਪਣੇ ਜਿੰਮੇ ਲਈਆਂ ਹਨ। ਮੈਂ ਦਰਿਆਵਾਂ, ਡਾਕੂਆਂ,
ਆਪਣੇ ਸਹਿਯੋਗੀਆਂ ਅਤੇ ਗੈਰ-ਯਹੂਦੀਆਂ ਵੱਲੋਂ ਖਤਰੇ ਦਾ
ਸਾਹਮਣਾ ਕਰ ਰਿਹਾ ਸੀ। ਮੈਂ ਸ਼ਹਿਰਾਂ ਵਿੱਚ ਖਤਰਾ ਝੱਲਿਆ ਅਤੇ
ਉਨ੍ਹਾਂ ਥਾਵਾਂ ਵਿੱਚ ਜਿੱਥੇ ਕੋਈ ਨਹੀਂ ਰਹਿੰਦਾ ਅਤੇ ਸਮੁੰਦਰ ਉੱਤੇ ਵੀ।
ਮੈਂ ਉਨ੍ਹਾਂ ਲੋਕਾਂ ਦੇ ਸੰਗ ਵਿੱਚ ਵੀ ਖਤਰੇ ਵਿੱਚ ਪਿਆ ਹਾਂ ਜਿਹੜੇ
ਆਖਦੇ ਹਨ ਕਿ ਉਹ ਭਰਾ ਹਨ, ਪਰ ਉਹ ਸੱਚਮੁੱਚ ਭਰਾ ਨਹੀਂ ਹਨ।
27ਮੈਂ ਸਖਤ ਅਤੇ ਥਕਾ ਦੇਣ ਵਾਲਾ ਕੰਮ ਵੀ ਕੀਤਾ ਹੈ। ਮੈਂ
ਬਹੁਤ ਵਾਰ ਬਿਨ ਨੀਂਦੋਂ ਗਿਆ। ਮੈਂ ਭੁੱਖ ਅਤੇ ਪਿਆਸ ਮਹਿਸੂਸ
ਕੀਤੀ। ਬਹੁਤ ਵਾਰੀ ਮੇਰੇ ਕੋਲ ਖਾਣ ਲਈ ਭੋਜਨ ਨਹੀਂ ਸੀ। ਮੈਂ
ਕੱਪੜਿਆਂ ਤੋਂ ਬਿਨਾ ਸਰਦੀ ਸਹਾਰੀ ਹੈ, 28ਅਤੇ ਬਹੁਤ ਸਾਰੀਆਂ ਹੋਰ
ਸਮੱਸਿਆਵਾਂ ਵੀ ਹਨ। ਇਨ੍ਹਾਂ ਵਿੱਚੋਂ ਇੱਕ ਹੈ ਮੇਰੀ ਸਮੂਹ ਕਲੀਸਿਯਾਂ
ਦੀ ਦੇਖ ਭਾਲ। ਇਨ੍ਹਾਂ ਬਾਰੇ ਮੈਂ ਹਰ ਰੋਜ਼ ਫ਼ਿਕਰਮੰਦ ਰਹਿੰਦਾ ਹਾਂ।
29ਜਦੋਂ ਕੋਈ ਦੂਸਰਾ ਕਮਜ਼ੋਰ ਹੁੰਦਾ ਹੈ ਤਾਂ ਮੈਂ ਵੀ ਆਪਣੇ ਆਪ ਨੂੰ
ਕਮਜ਼ੋਰ ਮਹਿਸੂਸ ਕਰਦਾ ਹਾਂ ਜਦੋਂ ਕਿਸੇ ਵਿਅਕਤੀ ਨੂੰ ਪਾਪ ਲਈ
ਪਰਤਾਇਆ ਜਾਂਦਾ ਹੈ, ਮੈਂ ਵੀ ਪਰੇਸ਼ਾਨ ਹੋ ਜਾਂਦਾ ਹਾਂ।
30ਜੇ ਮੈਂ ਸ਼ੇਖੀ ਮਾਰਨਾ ਹੀ ਚਾਹੁੰਦਾ ਹਾਂ, ਤਾਂ ਮੈਂ ਉਨ੍ਹਾਂ ਗੱਲਾਂ ਵਿੱਚ
ਸ਼ੇਖੀ ਮਾਰਾਂਗਾ ਜਿਹੜੀਆਂ ਮੇਰੀ ਕਮਜ਼ੋਰੀ ਨੂੰ ਦਰਸਾਉਂਦੀਆਂ ਹਨ।
31ਪਰਮੇਸ਼ੁਰ ਜਾਣਦਾ ਹੈ ਕਿ ਮੈਂ ਝੂਠ ਨਹੀਂ ਆਖ ਰਿਹਾ। ਉਹ ਪ੍ਰਭੂ
ਯਿਸੂ ਮਸੀਹ ਦਾ ਪਿਤਾ ਅਤੇ ਪਰਮੇਸ਼ੁਰ ਹੈ, ਅਤੇ ਉਸ ਦੀ ਸਦਾ
ਉਸਤਤ ਹੋਣੀ ਚਾਹੀਦੀ ਹੈ। 32ਜਦੋਂ ਮੈਂ ਦੰਮਿਸਕ ਵਿੱਚ ਸਾਂ ਤਾਂ ਰਾਜਾ
ਅਰਿਤਾਸ ਦੇ ਗਵਰਨਰ ਨੇ ਮੈਨੂੰ ਗਿਰਫ਼ਤਾਰ ਕਰਨਾ ਚਾਹਿਆ।
ਇਸ ਲਈ ਉਸ ਨੇ ਸਾਰੇ ਸ਼ਹਿਰ ਵਿੱਚ ਗਾਰਦ ਬਿਠਾ ਦਿੱਤੀ। 33ਪਰ
ਕੁਝ ਮਿੱਤਰਾਂ ਨੇ ਮੈਨੂੰ ਇੱਕ ਟੋਕਰੀ ਵਿੱਚ ਪਾ ਦਿੱਤਾ। ਫ਼ੇਰ ਉਨ੍ਹਾਂ ਨੇ
ਉਸ ਟੋਕਰੀ ਨੂੰ ਕੰਧ ਵਿੱਚਾਲੇ ਖਿੜਕੀ ਰਾਹੀਂ ਲੰਘਾ ਕੇ ਮੈਨੂੰ ਹੇਠਾਂ
ਉਤਾਰ ਦਿੱਤਾ। ਇਸ ਤਰ੍ਹਾਂ ਮੈਂ ਰਾਜਪਾਲ ਦੇ ਹੱਥੋਂ ਬਚ ਗਿਆ ਸਾਂ।

## ਪੌਲੁਸ ਦੇ ਜੀਵਨ ਵਿੱਚ ਵਿਸ਼ੇਸ਼ ਅਸੀਸ

**12** 1ਮੈਂ ਸ਼ੇਖੀ ਮਾਰਨਾ ਅਵੱਸ਼ ਜਾਰੀ ਰੱਖਾਂਗਾ ਭਾਵੇਂ ਇਸ ਦਾ
ਕੋਈ ਫ਼ਾਇਦਾ ਨਹੀਂ। ਪਰ ਹੁਣ ਮੈਂ ਪ੍ਰਭੂ ਵੱਲੋਂ ਦਰਸ਼ਣਾਂ
ਤੇ ਪ੍ਰਕਾਸ਼ਾਂ ਬਾਰੇ ਗੱਲ ਕਰਾਂਗਾ। 2ਮੈਂ ਮਸੀਹ ਵਿੱਚ ਇੱਕ ਆਦਮੀ[a]
ਨੂੰ ਜਾਣਦਾ ਹਾਂ ਜਿਸ ਨੂੰ ਉਤਾਹਾਂ ਤੀਸਰੇ ਸਵਰਗ ਨੂੰ ਲਿਜਾਇਆ
ਗਿਆ ਸੀ। ਇਹ ਲਗਭਗ ਚੌਦਾਂ ਸਾਲਾਂ ਪਹਿਲਾਂ ਹੋਇਆ ਸੀ।
ਮੈਨੂੰ ਪਤਾ ਨਹੀਂ ਕਿ ਉਹ ਆਦਮੀ ਸਰੀਰ ਵਿੱਚ ਗਿਆ ਸੀ ਜਾਂ
ਸਰੀਰ ਤੋਂ ਬਿਨਾ। ਪਰ ਪਰਮੇਸ਼ੁਰ ਜਾਣਦਾ ਹੈ। 3-4ਮੈਂ ਜਾਣਦਾ ਹਾਂ
ਕਿ ਇਸ ਆਦਮੀ ਨੂੰ ਸਵਰਗ ਵਿੱਚ ਲਿਜਾਇਆ ਗਿਆ ਸੀ। ਮੈਂ
ਨਹੀਂ ਜਾਣਦਾ ਕਿ ਉਹ ਆਪਣੇ ਸਰੀਰ ਵਿੱਚ ਸੀ ਜਾਂ ਇਸ ਤੋਂ ਦੂਰ
ਸੀ। ਪਰ ਉਸ ਨੇ ਕੁਝ ਅਜਿਹੀਆਂ ਗੱਲਾਂ ਸੁਣੀਆਂ ਜਿਨ੍ਹਾਂ ਦੀ ਉਹ
ਵਿਆਖਿਆ ਨਹੀਂ ਕਰ ਸਕਦਾ ਸੀ। ਉਸ ਨੇ ਉਹ ਗੱਲਾਂ ਸੁਣੀਆਂ
ਜਿਸ ਬਾਰੇ ਦੱਸਣ ਦੀ ਕਿਸੇ ਆਦਮੀ ਨੂੰ ਇਜਾਜ਼ਤ ਨਹੀਂ। 5ਮੈਂ
ਅਜਿਹੇ ਵਿਅਕਤੀ ਬਾਰੇ ਸ਼ੇਖੀ ਮਾਰਾਂਗਾ। ਪਰ ਮੈਂ ਆਪਣੇ ਆਪ
ਬਾਰੇ ਸ਼ੇਖੀ ਨਹੀਂ ਮਾਰਾਂਗਾ। ਮੈਂ ਕੇਵਲ ਆਪਣੀਆਂ ਕਮਜ਼ੋਰੀਆਂ
ਬਾਰੇ ਸ਼ੇਖੀ ਮਾਰਾਂਗਾ।
6ਭਾਵੇਂ ਮੈਂ ਆਪਣੇ ਆਪ ਬਾਰੇ ਹੀ ਸ਼ੇਖੀ ਮਾਰਨਾ ਚਾਹੁੰਦਾ ਹਾਂ ਪਰ
ਤਾਂ ਵੀ ਮੈਂ ਮੂਰਖ ਨਹੀਂ ਹੋਵਾਂਗਾ ਕਿਉਂਕਿ ਮੈਂ ਸੱਚ ਦੱਸ ਰਿਹਾ ਹੋਵਾਂਗਾ।
ਪਰ ਮੈਨੂੰ ਆਪਣੇ ਆਪ ਬਾਰੇ ਸ਼ੇਖੀ ਨਹੀਂ ਮਾਰਨੀ ਚਾਹੀਦੀ। ਕਿਉਂ?
ਕਿਉਂ ਜੋ ਮੈਂ ਇਹ ਨਹੀਂ ਚਾਹੁੰਦਾ ਕਿ ਉਹ ਮੇਰੇ ਬਾਰੇ ਵੱਧ ਸੋਚਣ ਜੋ
ਉਹ ਮੈਨੂੰ ਕਰਦਿਆਂ ਦੇਖਦੇ ਹਨ ਜਾਂ ਕਹਿੰਦਿਆਂ ਸੁਣਦੇ ਹਨ।
7ਪਰ ਮੈਂ ਉਨ੍ਹਾਂ ਅਨੋਖੀਆਂ ਗੱਲਾਂ ਬਾਰੇ ਜੋ ਮੈਨੂੰ ਦਰਸਾਈਆਂ
ਗਈਆਂ ਸਨ, ਬਹੁਤ ਗੁਮਾਨ ਨਾ ਕਰਾਂ, ਇਸ ਲਈ ਮੈਨੂੰ ਇੱਕ ਦਰਦ
ਭਰੀ ਸਮੱਸਿਆ[b] ਦਿੱਤੀ ਗਈ ਸੀ। ਸਮੱਸਿਆ ਇਹ ਸੀ; ਸ਼ੈਤਾਨ
ਵੱਲੋਂ ਇੱਕ ਦੂਤ ਨੂੰ ਮੈਨੂੰ ਕੁੱਟਣ ਲਈ ਮੇਰੇ ਕੋਲ ਭੇਜਿਆ ਗਿਆ ਸੀ
ਤਾਂ ਜੋ ਮੈਂ ਗੁਮਾਨ ਨਾ ਕਰ ਸਕਾਂ। 8ਇਹ ਦੇ ਲਈ ਮੈਂ ਪ੍ਰਭੂ ਦੇ ਅੱਗੇ
ਤਿੰਨ ਵਾਰ ਬੇਨਤੀ ਕੀਤੀ ਭਈ ਇਹ ਮੈਥੋਂ ਦੂਰ ਹੋ ਜਾਵੇ। 9ਪਰ ਪ੍ਰਭੂ
ਨੇ ਮੈਨੂੰ ਆਖਿਆ, "ਮੇਰੀ ਕਿਰਪਾ ਹੀ ਤੇਰੇ ਲਈ ਕਾਫ਼ੀ ਹੈ। ਜਦੋਂ
ਤੁਸੀਂ ਕਮਜ਼ੋਰ ਹੁੰਦੇ ਹੋ, ਮੇਰੀ ਪੂਰੀ ਸ਼ਕਤੀ ਤੁਹਾਡੇ ਵਿੱਚ ਦਰਸਾਈ
ਜਾਵੇ।" ਇਸੇ ਲਈ ਮੈਂ ਆਪਣੀਆਂ ਕਮਜ਼ੋਰੀਆਂ ਬਾਰੇ ਸ਼ੇਖੀ ਮਾਰ ਕੇ
ਖੁਸ਼ ਹਾਂ। ਉਦੋਂ ਮਸੀਹ ਦੀ ਸ਼ਕਤੀ ਮੇਰੇ ਅੰਦਰ ਨਿਵਾਸ ਕਰ ਸਕਦੀ
ਹੈ। 10ਇਸ ਲਈ ਜਦੋਂ ਮੈਂ ਕਮਜ਼ੋਰ ਹੁੰਦਾ ਹਾਂ ਮੈਂ ਖੁਸ਼ ਹੁੰਦਾ ਹਾਂ। ਜਦੋਂ
ਲੋਕ ਮੈਨੂੰ ਬੁਰਾ ਬੋਲਦੇ ਹਨ ਤਾਂ ਮੈਂ ਖੁਸ਼ ਹੁੰਦਾ ਹਾਂ। ਜਦੋਂ ਮੈਂ ਤੰਗੀਆਂ
ਰਾਹੀਂ ਲੰਘਦਾ ਹਾਂ, ਮੈਂ ਖੁਸ਼ੀ ਮਹਿਸੂਸ ਕਰਦਾ ਹਾਂ। ਜਦੋਂ ਲੋਕ ਮੈਨੂੰ
ਦੰਡ ਦਿੰਦੇ ਹਨ, ਮੈਂ ਖੁਸ਼ੀ ਮਹਿਸੂਸ ਕਰਦਾ ਹਾਂ। ਜਦੋਂ ਮੈਂ ਸਮੱਸਿਆਵਾਂ
ਦਾ ਸਾਹਮਣਾ ਕਰਦਾ ਹਾਂ ਤਾਂ ਮੈਂ ਖੁਸ਼ ਹੁੰਦਾ ਹਾਂ। ਇਹ ਸਾਰੀਆਂ ਗੱਲਾਂ
ਮਸੀਹ ਲਈ ਹਨ। ਮੈਂ ਇਨ੍ਹਾਂ ਗੱਲਾਂ ਨਾਲ ਖੁਸ਼ ਹਾਂ, ਕਿਉਂਕਿ ਜਦੋਂ ਮੈਂ
ਕਮਜ਼ੋਰ ਹੁੰਦਾ ਹਾਂ ਓਦੋਂ ਹੀ ਮੈਂ ਸੱਚਮੁੱਚ ਤਾਕਤਵਰ ਹੁੰਦਾ ਹਾਂ।

## ਕੁਰਿੰਥ ਵਿੱਚ ਮਸੀਹੀਆਂ ਬਾਰੇ ਪੌਲੁਸ ਦਾ ਪਿਆਰ

11ਮੈਂ ਇੱਕ ਮੂਰਖ ਦੀ ਤਰ੍ਹਾਂ ਬੋਲਦਾ ਹਾਂ ਪਰ ਅਜਿਹਾ ਤੁਸੀਂ ਮੇਰੇ ਕੋਲੋਂ
ਕਰਾਇਆ। ਤੁਹਾਨੂੰ ਲੋਕਾਂ ਨੂੰ ਮੈਨੂੰ ਚੰਗਾ ਕਹਿਣਾ ਚਾਹੀਦਾ ਹੈ। ਮੈਂ
ਕੁਝ ਵੀ ਨਹੀਂ ਹਾ, ਪਰ ਮੈਂ ਕਿਸੇ ਵੀ ਢੰਗ ਨਾਲ "ਮਹਾਨ ਰਸੂਲਾਂ"
ਨਾਲੋਂ ਘੱਟ ਨਹੀਂ ਹਾਂ। 12ਜਦੋਂ ਮੈਂ ਤੁਹਾਡੇ ਨਾਲ ਸੀ ਤਾਂ ਮੈਂ ਉਹ ਗੱਲਾਂ
ਕੀਤੀਆਂ ਜਿਨ੍ਹਾਂ ਤੋਂ ਪ੍ਰਮਾਣ ਮਿਲਦਾ ਹੈ ਕਿ ਮੈਂ ਇੱਕ ਰਸੂਲ ਹਾਂ। ਮੈਂ
ਚਿੰਨ੍ਹ ਦਿੱਤੇ, ਅਚੰਭੇ ਕੀਤੇ, ਅਤੇ ਕਰਿਸ਼ਮੇ ਕੀਤੇ। ਇਹ ਸਭ ਗੱਲਾਂ
ਮੈਂ ਬਹੁਤ ਧੀਰਜ ਨਾਲ ਕੀਤੀਆਂ। 13ਇਸ ਲਈ ਤੁਸੀਂ ਉਹ ਸਭ
ਕੁਝ ਪ੍ਰਾਪਤ ਕੀਤਾ ਜੋ ਹੋਰਨਾਂ ਕਲੀਸਿਯਾਂ ਨੂੰ ਮਿਲਿਆ ਹੈ। ਸਿਰਫ਼
ਇੱਕੋ ਗੱਲ ਵੱਖਰੀ ਹੈ; ਮੈਂ ਤੁਹਾਡੇ ਉੱਪਰ ਬੋਝ ਨਹੀਂ ਬਣਿਆ। ਇਸ
ਖਾਤਰ ਮੈਨੂੰ ਮਾਫ ਕਰ ਦਿਓ।
14ਹੁਣ ਮੈਂ ਤੀਸਰੀ ਵਾਰ ਤੁਹਾਡੇ ਕੋਲ ਆਉਣ ਨੂੰ ਤਿਆਰ ਹਾਂ
ਅਤੇ ਮੈਂ ਤੁਹਾਡੇ ਲਈ ਬੋਝ ਨਹੀਂ ਬਣਾਂਗਾ। ਮੈਨੂੰ ਤੁਹਾਡਾ ਆਪਣਾ

[a] *12:2* **ਇੱਕ ਆਦਮੀ** ਤੁਕ 12:2-5 ਵਿੱਚ ਪੌਲੁਸ ਆਪਣੇ ਬਾਰੇ ਅਨਯ ਪੁਰਖ ਵਜੋਂ ਗਲ ਕਰ ਰਿਹਾ ਹੈ।

[b] *12:7* **ਦਰਦ ਭਰੀ ਸਮੱਸਿਆ** ਅੱਖਰੀ ਤੌਰ ਤੇ, "ਮਾਸ ਵਿੱਚ ਛਿਲਤਰ।"

ਕੁਝ ਵੀ ਨਹੀਂ ਚਾਹੀਦਾ। ਮੈਂ ਤਾਂ ਸਿਰਫ਼ ਤੁਹਾਨੂੰ ਚਾਹੁੰਦਾ ਹਾਂ, ਬੱਚਿਆਂ ਨੂੰ ਆਪਣੇ ਮਾਪਿਆਂ ਲਈ ਚੀਜ਼ਾਂ ਬਚਾਉਣ ਦੀ ਲੋੜ ਨਹੀਂ। ਜਦ ਕਿ ਮਾਪਿਆਂ ਨੂੰ ਆਪਣੇ ਬੱਚਿਆਂ ਲਈ ਬੱਚਤ ਕਰਨੀ ਚਾਹੀਦੀ ਹੈ। 15ਇਸ ਲਈ ਮੈਂ ਤੁਹਾਨੂੰ ਉਹ ਸਭ ਕੁਝ ਦੇਣ ਲਈ ਅਨੰਦਿਤ ਹਾਂ ਜੋ ਮੇਰੇ ਕੋਲ ਹੈ। ਮੈਂ ਆਪਣਾ ਆਪ ਵੀ ਤੁਹਾਨੂੰ ਦੇ ਦੇਵਾਂਗਾ। ਜੇ ਮੈਂ ਤੁਹਾਨੂੰ ਵੱਧ ਪਿਆਰ ਕਰਾਂਗਾ ਤਾਂ ਵੀ ਤੁਸੀਂ ਮੈਨੂੰ ਘੱਟ ਪਿਆਰ ਕਰੋਗੇ।

16ਇਹ ਗੱਲ ਤਾਂ ਸਾਫ਼ ਹੈ ਕਿ ਮੈਂ ਤੁਹਾਡੇ ਉੱਪਰ ਬੋਝ ਨਹੀਂ ਹਾਂ। ਪਰ ਤੁਸੀਂ ਸੋਚਦੇ ਹੋ ਕਿ ਮੈਂ ਮਕਾਰ ਹਾਂ ਅਤੇ ਤੁਹਾਨੂੰ ਫੜਨ ਲਈ ਤੁਹਾਨੂੰ ਝੂਠ ਬੋਲਿਆ। 17ਕੀ ਮੈਂ ਆਪਣੇ ਭੇਜੇ ਹੋਏ ਕਿਸੇ ਵੀ ਆਦਮੀਆਂ ਰਾਹੀਂ ਤੁਹਾਨੂੰ ਧੋਖਾ ਦਿੱਤਾ ਹੈ? ਨਹੀਂ। ਤੁਸੀਂ ਜਾਣਦੇ ਹੋ ਕਿ ਮੈਂ ਇਹ ਨਹੀਂ ਕੀਤਾ। 18ਮੈਂ ਤੀਤੁਸ ਨੂੰ ਆਖਿਆ ਕਿ ਤੁਹਾਡੇ ਕੋਲ ਜਾਵੇ ਅਤੇ ਮੈਂ ਸਾਡੇ ਭਰਾ ਨੂੰ ਉਸ ਦੇ ਨਾਲ ਘੱਲਿਆ। ਕੀ ਤੀਤੁਸ ਨੇ ਤੁਹਾਨੂੰ ਧੋਖਾ ਦਿੱਤਾ? ਨਹੀਂ। ਤੁਹਾਨੂੰ ਪਤਾ ਹੈ ਕਿ ਮੈਂ ਅਤੇ ਤੀਤੁਸ ਨੇ ਓਸੇ ਤਰ੍ਹਾਂ ਦੇ ਕੰਮ ਕੀਤੇ ਅਤੇ ਓਸੇ ਤਰ੍ਹਾਂ ਦਾ ਵਿਹਾਰ ਕੀਤਾ।

19ਤੁਹਾਡਾ ਕੀ ਖਿਆਲ ਹੈ ਕਿ ਅਸੀਂ ਇਹ ਸਾਰਾ ਸਮਾਂ ਆਪਣੇ ਆਪ ਨੂੰ ਸਫ਼ਾਈ ਦਿੰਦੇ ਰਹੇ ਹਾਂ? ਨਹੀਂ। ਅਸੀਂ ਇਹ ਗੱਲ ਮਸੀਹ ਵਿੱਚ ਆਖਦੇ ਹਾਂ ਅਤੇ ਇਹ ਗੱਲਾਂ ਅਸੀਂ ਪਰਮੇਸ਼ੁਰ ਦੇ ਅੱਗੇ ਆਖਦੇ ਹਾਂ ਤੁਸੀਂ ਸਾਡੇ ਪਿਆਰੇ ਮਿੱਤਰ ਹੋ। ਜੋ ਕੁਝ ਵੀ ਅਸੀਂ ਕਰਦੇ ਹਾਂ, ਅਸੀਂ ਇਹ ਤੁਹਾਨੂੰ ਮਜ਼ਬੂਤ ਬਣਾਉਣ ਲਈ ਕਰਦੇ ਹਾਂ। 20ਅਜਿਹਾ ਮੈਂ ਇਸ ਲਈ ਕਰਦਾ ਹਾਂ ਕਿ ਜਦੋਂ ਮੈਂ ਆਵਾਂਗਾ, ਮੈਨੂੰ ਡਰ ਹੈ ਕਿ ਮੈਂ ਤੁਹਾਨੂੰ ਅਜਿਹਾ ਨਹੀਂ ਪਾਵਾਂਗਾ। ਜਿਹੀ ਕਿ ਮੈਨੂੰ ਆਸ ਹੈ, ਤੁਸੀਂ ਮੈਨੂੰ ਉਵੇਂ ਦਾ ਨਹੀਂ ਪਾਓਗੇ ਜਿਵੇਂ ਕਿ ਤੁਸੀਂ ਮੈਨੂੰ ਹੋਣ ਦੀ ਆਸ ਰੱਖਦੇ ਹੋ। ਮੈਨੂੰ ਡਰ ਹੈ ਕਿ ਤੁਹਾਡੇ ਸਮੂਹ ਵਿੱਚ ਕਿਧਰੇ ਦਲੀਲਬਾਜ਼ੀ, ਈਰਖਾ, ਗੁੱਸਾ, ਖੁਦਗਰਜ਼ੀ ਤੇ ਝਗੜੇ, ਬੁਰੇ ਬੋਲ, ਗੱਪ ਹੰਕਾਰ ਅਤੇ ਉਲਝਨਾ ਨਾ ਹੋਣ। 21ਮੈਂ ਡਰਦਾ ਹਾਂ ਕਿ ਜਦੋਂ ਮੈਂ ਤੁਹਾਡੇ ਕੋਲ ਫ਼ੇਰ ਆਵਾਂ ਮੇਰਾ ਪਰਮੇਸ਼ੁਰ ਕਿਧਰੇ ਮੈਨੂੰ ਤੁਹਾਡੇ ਅੱਗੇ ਹਲੀਮ ਨਾ ਬਣਾ ਦੇਵੇ। ਮੈਂ ਉਦਾਸ ਹੋ ਸਕਦਾ ਹਾਂ, ਕਿਉਂਕਿ ਤੁਹਾਡੇ ਵਿੱਚੋਂ ਕਈਆਂ ਨੇ ਪਾਪ ਕੀਤੇ ਹਨ। ਮੈਂ ਇਸ ਗੱਲੋਂ ਉਦਾਸ ਹੋ ਸਕਦਾ ਹਾਂ ਕਿ ਉਨ੍ਹਾਂ ਲੋਕਾਂ ਨੇ ਆਪਣੇ ਦਿਲਾਂ ਨੂੰ ਨਹੀਂ ਬਦਲਿਆ ਤਾਂ ਜੋ ਆਪਣੇ ਬਦਕਾਰੀ ਦੇ ਜੀਵਨ, ਆਪਣੇ ਜਿਨਸੀ ਪਾਪਾਂ ਅਤੇ ਆਪਣੇ ਕੀਤੇ ਹੋਏ ਸ਼ਰਮਨਾਕ ਕੰਮਾਂ ਬਾਰੇ ਸ਼ਰਮਿੰਦਾ ਹੋ ਸਕਣ।



### ਆਖਰੀ ਚੇਤਾਵਨੀਆਂ ਤੇ ਸ਼ੁਭਕਾਮਨਾਵਾਂ

**13** 1ਮੈਂ ਤੁਹਾਡੇ ਕੋਲ ਫ਼ੇਰ ਆਵਾਂਗਾ। ਇਹ ਤੀਸਰੀ ਵਾਰ ਹੋਵੇਗਾ। ਅਤੇ ਯਾਦ ਰੱਖੋ, "ਹਰ ਇੱਕ ਸ਼ਿਕਾਇਤ ਲਈ ਦੋ ਜਾਂ ਤਿੰਨ ਵਿਅਕਤੀ ਹੋਣੇ ਚਾਹੀਦੇ ਹਨ ਜੋ ਆਖ ਸਕਦੇ ਹੋਣ ਕਿ ਇਹ ਸੱਚ ਹੈ।"[a] 2ਜਦੋਂ ਮੈਂ ਦੂਜੀ ਵਾਰੀ ਤੁਹਾਡੇ ਕੋਲ ਸਾਂ, ਮੈਂ ਉਨ੍ਹਾਂ ਲੋਕਾਂ ਨੂੰ ਚੇਤਾਵਨੀ ਦਿੱਤੀ ਹੈ ਜਿਨ੍ਹਾਂ ਨੇ ਪਹਿਲਾਂ ਪਾਪ ਕੀਤੇ ਸਨ। ਹੁਣ ਮੈਂ ਤੁਹਾਥੋਂ ਦੂਰ ਹਾਂ, ਮੈਂ ਬਾਕੀ ਸਾਰੇ ਲੋਕਾਂ ਨੂੰ ਚੇਤਾਵਨੀ ਦਿੰਦਾ ਹਾਂ ਜਿਨ੍ਹਾਂ ਨੇ ਪਾਪ ਕੀਤੇ ਹਨ। ਜਦੋਂ ਮੈਂ ਤੁਹਾਡੇ ਕੋਲ ਫ਼ੇਰ ਵਾਪਸ ਆਵਾਂਗਾ ਮੈਂ ਤੁਹਾਨੂੰ ਸਜ਼ਾ ਦੇਵਾਂਗਾ। 3ਤੁਸੀਂ ਇਸ ਗੱਲ ਦਾ ਸਬੂਤ ਚਾਹੁੰਦੇ ਹੋ ਕਿ ਮਸੀਹ ਬੋਲ ਰਿਹਾ ਹੈ। ਮੇਰਾ ਸਬੂਤ ਇਹ ਹੈ ਕਿ ਮਸੀਹ ਤੁਹਾਨੂੰ ਸਜ਼ਾ ਦੇਣ ਲਈ ਕਮਜ਼ੋਰ ਨਹੀਂ ਹੈ। ਪਰ ਮਸੀਹ ਤੁਹਾਡੇ ਵਿਚਕਾਰ ਸ਼ਕਤੀਸ਼ਾਲੀ ਹੈ। 4ਇਹ ਠੀਕ ਹੈ ਜਦੋਂ ਮਸੀਹ ਨੂੰ ਸੂਲੀ ਟੰਗਿਆ ਗਿਆ ਸੀ ਉਹ ਕਮਜ਼ੋਰ ਸੀ। ਪਰ ਹੁਣ ਉਹ ਪਰਮੇਸ਼ੁਰ ਦੀ ਸ਼ਕਤੀ ਰਾਹੀਂ ਜੀਉਂਦਾ ਹੈ ਅਤੇ ਇਹ ਵੀ ਸੱਚ ਹੈ ਕਿ ਅਸੀਂ ਮਸੀਹ ਵਿੱਚ ਕਮਜ਼ੋਰ ਹਾਂ। ਪਰ ਅਸੀਂ ਤੁਹਾਡੀ ਖ਼ਾਤਰ ਪਰਮੇਸ਼ੁਰ ਦੀ ਸ਼ਕਤੀ ਦੁਆਰਾ ਮਸੀਹ ਨਾਲ ਜੀਵਾਂਗੇ।

5ਆਪਣੇ ਆਪ ਦੀ ਪਰੀਖਿਆ ਕਰੋ ਅਤੇ ਵੇਖੋ ਕਿ ਕੀ ਤੁਸੀਂ ਵਿਸ਼ਵਾਸ ਵਿੱਚ ਜੀ ਰਹੇ ਹੋ? ਤੁਹਾਨੂੰ ਮਹਿਸੂਸ ਕਰਨਾ ਚਾਹੀਦਾ ਹੈ ਕਿ ਮਸੀਹ ਯਿਸੂ ਤੁਹਾਡੇ ਵਿੱਚ ਹੈ। ਪਰ ਜੇ ਤੁਸੀਂ ਪਰੀਖਿਆ ਵਿੱਚ ਫ਼ੇਲ ਹੋ ਗਏ ਤਾਂ ਮਸੀਹ ਤੁਹਾਡੇ ਅੰਦਰ ਨਹੀਂ ਰਹਿ ਰਿਹਾ। 6ਪਰ ਮੈਨੂੰ ਉਮੀਦ ਹੈ ਕਿ ਤੁਸੀਂ ਦੇਖ ਲਵੋਗੇ ਕਿ ਅਸੀਂ ਪਰਖ ਵਿੱਚੋਂ ਫ਼ੇਲ ਨਹੀਂ ਹਾਂ। 7ਅਸੀਂ ਪਰਮੇਸ਼ੁਰ ਦੇ ਅੱਗੇ ਪ੍ਰਾਰਥਨਾ ਕਰਦੇ ਹਾਂ ਕਿ ਤੁਸੀਂ ਕੋਈ ਮਾੜਾ ਕੰਮ ਨਾ ਕਰੋ। ਇਹ ਗੱਲ ਮਹੱਤਵਪੂਰਣ ਨਹੀਂ ਹੈ ਕਿ ਇਹ ਲੋਕ ਵੇਖਣ ਕਿ ਅਸੀਂ ਪਰੀਖਿਆ ਵਿੱਚ ਸਫ਼ਲ ਹੋ ਗਏ ਹਾਂ। ਪਰ ਮਹੱਤਵਪੂਰਣ ਗੱਲ ਇਹ ਹੈ ਕਿ ਤੁਸੀਂ ਉਹੀ ਕਰੋ ਜੋ ਠੀਕ ਹੈ। ਭਾਵੇਂ ਇਹ ਲੱਗਦਾ ਹੈ ਕਿ ਅਸੀਂ ਪਰਖ ਵਿੱਚ ਅਸਫ਼ਲ ਹੋ ਗਏ ਹਾਂ। 8ਅਸੀਂ ਕੁਝ ਵੀ ਨਹੀਂ ਕਰ ਸਕਦੇ ਜੋ ਸੱਚ ਦੇ ਵਿਰੁੱਧ ਹੈ। ਅਸੀਂ ਓਹੀ ਗੱਲਾਂ ਕਰ ਸਕਦੇ ਹਾਂ ਜਿਹੜੀਆਂ ਸੱਚ ਲਈ ਹਨ। 9ਅਸੀਂ ਕਮਜ਼ੋਰ ਹੋਣ ਲਈ ਖੁਸ਼ ਹਾਂ ਜੇ ਤੁਸੀਂ ਤਾਕਤਵਰ ਹੋ ਅਤੇ ਸਾਡੀ ਪ੍ਰਾਰਥਨਾ ਹੈ ਕਿ ਤੁਸੀਂ ਹੋਰ ਵਧੇਰੇ ਤਕੜੇ ਹੋਵੋ। 10ਇਹ ਗੱਲਾਂ ਮੈਂ ਤੁਹਾਨੂੰ ਤੁਹਾਡੀ ਗੈਰ-ਹਾਜ਼ਰੀ ਵਿੱਚ ਲਿਖ ਰਿਹਾ ਹਾਂ। ਇਹ ਮੈਂ ਇਸ ਲਈ ਆਖ ਰਿਹਾ ਹਾਂ ਤਾਂ ਜੋ ਜਦੋਂ ਮੈਂ ਤੁਹਾਡੇ ਕੋਲ ਆਵਾਂ ਤਾਂ ਮੈਨੂੰ ਆਪਣੀ ਸ਼ਕਤੀ ਤੁਹਾਨੂੰ ਸਜ਼ਾ ਦੇਣ ਵਾਸਤੇ ਨਾ ਵਰਤਨੀ ਪਵੇ। ਪ੍ਰਭੂ ਨੇ ਇਹ ਸ਼ਕਤੀ ਮੈਨੂੰ ਤੁਹਾਨੂੰ ਤਕੜਾ ਬਣਾਉਣ ਲਈ ਪ੍ਰਦਾਨ ਕੀਤੀ ਹੈ। ਤੁਹਾਨੂੰ ਤਬਾਹ ਕਰਨ ਲਈ ਨਹੀਂ।

11ਹੁਣ ਭਰਾਵੋ ਅਤੇ ਭੈਣੋ, ਤੁਹਾਨੂੰ ਅਲਵਿਦਾ। ਸੰਪੂਰਣ ਬਣਨ ਦੀ ਕੋਸ਼ਿਸ਼ ਕਰੋ। ਉਹੀ ਕਰੋ ਜੋ ਕੁਝ ਮੈਂ ਤੁਹਾਨੂੰ ਕਰਨ ਲਈ ਕਿਹਾ ਹੈ। ਇੱਕ ਦੂਸਰੇ ਨਾਲ ਸਹਿਮਤ ਹੋਵੋ ਅਤੇ ਸ਼ਾਂਤੀ ਵਿੱਚ ਜੀਓ। ਫ਼ੇਰ ਪ੍ਰੇਮ ਅਤੇ ਸ਼ਾਂਤੀ ਦਾ ਪਰਮੇਸ਼ੁਰ ਤੁਹਾਡੇ ਨਾਲ ਹੋਵੇਗਾ।

12ਜਦੋਂ ਤੁਸੀਂ ਇੱਕ ਦੂਸਰੇ ਨੂੰ ਸ਼ੁਭਕਾਮਨਾ ਦਿਓ, ਤਾਂ ਇੱਕ ਦੂਸਰੇ ਨੂੰ ਇੱਕ ਪਵਿੱਤਰ ਚੁੰਮੇ ਨਾਲ ਦਿਓ। ਪਰਮੇਸ਼ੁਰ ਦੇ ਸਭ ਪਵਿੱਤਰ ਲੋਕ ਤੁਹਾਡਾ ਸੁਆਗਤ ਕਰਦੇ ਹਨ।

13ਪ੍ਰਭੂ ਯਿਸੂ ਮਸੀਹ ਦੀ ਕਿਰਪਾ, ਪਰਮੇਸ਼ੁਰ ਦਾ ਪਿਆਰ ਅਤੇ ਪਵਿੱਤਰ ਆਤਮਾ ਦੀ ਸੰਗਤੀ ਤੁਹਾਡੇ ਸਾਰਿਆਂ ਦੇ ਨਾਲ ਹੋਵੇ।

[a] *13:1* ਹਵਾਲਾ: ਬਿਵਸਥਾ 19:15

**ਨੋਟਸ**